Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 142 Chief Editor : Chowdhary Prabhjit Singh, Editor : Chhatarpal Singh 98146-32807, Saturday 21 November 2026 Price : 2 Rs. Page : 6

ਡਿਬਰੂਗੜ੍ਹ ਜੇਲ੍ਹ ਤੋਂ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਦਿੱਲੀ ਲਿਆਂਦੇ ਗਏ ਅੰਮ੍ਰਿਤਪਾਲ ਸਿੰਘ

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅਤੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਮੁਖੀ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣੀ ਦਾਦੀ ਮਾਤਾ ਚਰਨ ਕੌਰ ਦੇ ਅੰਤਿਮ ਸੰਸਕਾਰ ਵਿਚ ਸ਼ਾਮਲ ਹੋਣ ਲਈ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਤੋਂ ਪੰਜਾਬ ਲਿਆਂਦਾ ਜਾ ਰਿਹਾ ਹੈ। ਅਦਾਲਤ ਵਲੋਂ ਮਨੁੱਖੀ ਆਧਾਰ 'ਤੇ ਦਿੱਤੀ ਗਈ ਤਿੰਨ ਘੰਟਿਆਂ ਦੀ ਹਿਰਾਸਤੀ ਪੈਰੋਲ ਤਹਿਤ ਉਹ 21 ਨਵੰਬਰ ਨੂੰ ਆਪਣੇ ਜੱਦੀ ਪਿੰਡ ਜੱਲੂਪੁਰ ਖੇੜਾ ਵਿਖੇ ਅੰਤਿਮ ਸੰਸਕਾਰ ਦੀਆਂ ਰਸਮਾਂ ਵਿਚ ਸ਼ਾਮਲ ਹੋਣਗੇ।

ਪ੍ਰਾਪਤ ਜਾਣਕਾਰੀ ਅਨੁਸਾਰ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਸੱਤ ਵਾਹਨਾਂ ਦੇ ਕਾਫ਼ਲੇ ਰਾਹੀਂ ਹਵਾਈ ਅੱਡੇ ਪਹੁੰਚਾਇਆ ਗਿਆ। ਇਹ ਹਵਾਈ ਅੱਡਾ ਜੇਲ੍ਹ ਤੋਂ ਕਰੀਬ 15 ਕਿਲੋਮੀਟਰ ਦੂਰ ਸਥਿਤ ਹੈ। ਉੱਥੋਂ ਉਨ੍ਹਾਂ ਨੂੰ ਹਵਾਈ ਜਹਾਜ਼ ਰਾਹੀਂ ਦਿੱਲੀ ਲਿਆਂਦਾ ਗਿਆ, ਜਿੱਥੋਂ ਅਗਲੇ ਪੜਾਅ ਵਿਚ ਪੰਜਾਬ ਲਿਆਂਦਾ ਜਾਵੇਗਾ।

ਅੰਮ੍ਰਿਤਪਾਲ ਸਿੰਘ ਦੇ ਵਕੀਲ ਜਸਬੀਰ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਦਿੱਲੀ ਲਿਆਂਦਾ ਗਿਆ ਹੈ। ਉਹ 21 ਨਵੰਬਰ ਨੂੰ ਆਪਣੀ ਦਾਦੀ ਦੇ ਅੰਤਿਮ ਸੰਸਕਾਰ ਵਿਚ ਸ਼ਾਮਲ ਹੋਣ ਲਈ ਪੰਜਾਬ ਜਾਣਗੇ। ਤੈਅ ਪ੍ਰਬੰਧਾਂ ਅਨੁਸਾਰ 22 ਨਵੰਬਰ ਨੂੰ ਉਨ੍ਹਾਂ ਨੂੰ ਮੁੜ ਡਿਬਰੂਗੜ੍ਹ ਕੇਂਦਰੀ ਜੇਲ੍ਹ ਪਹੁੰਚਾ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪਰਿਵਾਰ ਲੰਮੇ ਸਮੇਂ ਤੋਂ ਉਡੀਕ ਕਰ ਰਿਹਾ ਸੀ ਕਿ ਅੰਮ੍ਰਿਤਪਾਲ ਸਿੰਘ ਆਪਣੀ ਦਾਦੀ ਦੀਆਂ ਅੰਤਿਮ ਰਸਮਾਂ ਵਿਚ ਸ਼ਾਮਲ ਹੋ ਸਕਣ। ਜ਼ਿਕਰਯੋਗ ਹੈ ਕਿ ਮਾਤਾ ਚਰਨ ਕੌਰ ਦਾ 8 ਨਵੰਬਰ ਨੂੰ 84 ਸਾਲ ਦੀ ਉਮਰ ਵਿਚ ਦੇਹਾਂਤ ਹੋ ਗਿਆ ਸੀ।

ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣ ਸਬੰਧੀ ਨਵਾਂ ਹੁਕਮ 17 ਨਵੰਬਰ ਨੂੰ ਪੰਜਾਬ ਦੀ ਅਦਾਲਤ ਵਲੋਂ ਜਾਰੀ ਕੀਤਾ ਗਿਆ ਸੀ। ਇਸ ਤੋਂ ਪਹਿਲਾਂ 14 ਨਵੰਬਰ ਨੂੰ ਵੀ ਉਨ੍ਹਾਂ ਨੂੰ ਪੰਜਾਬ ਲਿਆਉਣ ਦੀ ਯੋਜਨਾ ਬਣਾਈ ਗਈ ਸੀ, ਪਰ ਡਿਬਰੂਗੜ੍ਹ ਅਤੇ ਅੰਮ੍ਰਿਤਸਰ ਵਿਚਾਲੇ ਢੁਕਵੀਆਂ ਹਵਾਈ ਉਡਾਣਾਂ ਅਤੇ ਆਵਾਜਾਈ ਦੇ ਸਾਧਨ ਉਪਲਬਧ ਨਾ ਹੋਣ ਕਾਰਨ ਇਹ ਪ੍ਰਬੰਧ ਸਿਰੇ ਨਹੀਂ ਚੜ੍ਹ ਸਕਿਆ ਸੀ।

ਅੰਮ੍ਰਿਤਸਰ ਦੇ ਵਧੀਕ ਸੈਸ਼ਨ ਜੱਜ ਨੇ ਪੰਜਾਬ ਸਰਕਾਰ ਨੂੰ ਹੁਕਮ ਦਿੱਤੇ ਹਨ ਕਿ ਅੰਮ੍ਰਿਤਪਾਲ ਸਿੰਘ ਨੂੰ 21 ਨਵੰਬਰ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਤਿੰਨ ਘੰਟਿਆਂ ਲਈ ਉਨ੍ਹਾਂ ਦੇ ਜੱਦੀ ਪਿੰਡ ਜੱਲੂਪੁਰ ਖੇੜਾ ਵਿਖੇ ਹਾਜ਼ਰ ਰੱਖਿਆ ਜਾਵੇ। ਅਦਾਲਤ ਨੇ ਇਹ ਰਾਹਤ ਮਨੁੱਖੀ ਆਧਾਰ 'ਤੇ ਦਿੱਤੀ ਹੈ, ਪਰ ਇਸ ਦੌਰਾਨ ਉਨ੍ਹਾਂ ਦਾ ਪੁਲੀਸ ਹਿਰਾਸਤ ਵਿਚ ਰਹਿਣਾ ਲਾਜ਼ਮੀ ਹੋਵੇਗਾ।

ਅਦਾਲਤੀ ਹੁਕਮਾਂ ਮੁਤਾਬਕ ਅੰਮ੍ਰਿਤਪਾਲ ਸਿੰਘ ਨੂੰ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ, ਰਾਜਾਸਾਂਸੀ ਵਿਖੇ ਲਿਆਂਦਾ ਜਾਵੇਗਾ। ਉੱਥੋਂ ਪੁਲਿਸ ਦੀ ਸਖ਼ਤ ਸੁਰੱਖਿਆ ਹੇਠ ਉਨ੍ਹਾਂ ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਥਿਤ ਜੱਦੀ ਪਿੰਡ ਜੱਲੂਪੁਰ ਖੇੜਾ ਲਿਜਾਇਆ ਜਾਵੇਗਾ।

ਸੁਰੱਖਿਆ ਪ੍ਰਬੰਧਾਂ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਵਲੋਂ ਅਜੇ ਤੱਕ ਇਹ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਕਿ ਪਿੰਡ ਵਿਚ ਉਨ੍ਹਾਂ ਨੂੰ ਕਿਸ ਥਾਂ ਰੱਖਿਆ ਜਾਵੇਗਾ ਅਤੇ ਆਵਾਜਾਈ ਦੇ ਕੀ ਪ੍ਰਬੰਧ ਹੋਣਗੇ।

ਹਰਜਿੰਦਰ ਸਿੰਘ ਧਾਮੀ ਛੇਵੀਂ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

ਅੰਮ੍ਰਿਤਸਰ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਜਨਰਲ ਇਜਲਾਸ ਵਿੱਚ ਮੁੜ ਸਰਬਸੰਮਤੀ ਨਾਲ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਛੇਵੀਂ ਵਾਰ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਚੁਣਿਆ ਗਿਆ।

ਇਸ ਸਬੰਧੀ ਤੇਜਾ ਸਿੰਘ ਸਮੁੰਦਰੀ ਹਾਲ ਵਿਚ ਜਨਰਲ ਇਜਲਾਸ ਚੱਲ ਰਿਹਾ ਹੈ ਜਿਸ ਵਿੱਚ ਸਿੱਖ ਸੰਸਥਾ ਦੇ ਪ੍ਰਧਾਨ ਦੇ ਅਹੁਦੇਦਾਰ ਵਜੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਨਾਮ ਪੇਸ਼ ਕੀਤਾ ਗਿਆ ਸੀ। ਉਨ੍ਹਾਂ ਦੇ ਵਿਰੋਧ ਵਿੱਚ ਕਿਸੇ ਹੋਰ ਉਮੀਦਵਾਰ ਦਾ ਨਾਂ ਪੇਸ਼ ਨਹੀਂ ਹੋਇਆ ਜਿਸ ਕਾਰਨ ਉਨ੍ਹਾਂ ਨੂੰ ਸਰਬਸੰਮਤੀ ਨਾਲ ਸਿੱਖ ਸੰਸਥਾ ਦਾ ਛੇਵੀਂ ਵਾਰ ਪ੍ਰਧਾਨ ਚੁਣ ਲਿਆ ਗਿਆ। ਪ੍ਰਧਾਨ- ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ- ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ- ਗੁਰਬਖਸ਼ ਸਿੰਘ ਖਾਲਸਾ, ਜਨਰਲ ਸਕੱਤਰ- ਗੁਰਪ੍ਰੀਤ ਸਿੰਘ ਝੱਬਰ। ਇਸ ਤੋਂ ਇਲਾਵਾ ਚੁਣੇ ਗਏ ਅੰਤ੍ਰਿੰਗ ਮੈਂਬਰ - ਮੋਹਨ ਸਿੰਘ ਬੰਗੀ, ਬਾਵਾ ਸਿੰਘ ਗੁਮਾਨਪੁਰਾ, ਰਣਜੀਤ ਸਿੰਘ ਕਾਹਲੋਂ, ਨਵਤੇਜ ਸਿੰਘ ਕਾਉਣੀ, ਬੀਬੀ ਪਰਮਜੀਤ ਕੌਰ ਮੁਨਕ, ਰਾਵਿੰਦਰ ਸਿੰਘ ਖਾਲਸਾ, ਦਰਸ਼ਨ ਸਿੰਘ ਬਰਾੜ ਮੋਠਾਂਵਾਲੀ, ਚਰਨ ਸਿੰਘ ਆਲਮਗੀਰ, ਗੁਰਿੰਦਰਪਾਲ ਸਿੰਘ ਗੋਰਾ, ਕੁਲਦੀਪ ਸਿੰਘ ਨੱਸੂਪੁਰ, ਬੀਬੀ ਨਰਿੰਦਰ ਕੌਰ ਰਣੀਆ ਸ਼ਾਮਲ ਹਨ।

ਸ਼੍ਰੋਮਣੀ ਕਮੇਟੀ ਦੇ ਛੇਵੀਂ ਵਾਰ ਲਗਾਤਾਰ ਪ੍ਰਧਾਨ ਚੁਣੇ ਗਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲੰਮੇ ਅਰਸੇ ਤੋਂ ਸਿੱਖ ਸੰਸਥਾ ਨਾਲ ਜੁੜੇ ਹੋਏ ਹਨ। 1956 ਵਿਚ ਜਨਮੇ ਐਡਵੋਕੇਟ ਹਰਜਿੰਦਰ ਸਿੰਘ ਬੀਏ, ਐਲ ਐਲ ਬੀ ਪਾਸ ਹਨ ਅਤੇ ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਏ ਹਨ। ਉਹ 1996 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ ਬਣੇ ਅਤੇ ਉਦੋਂ ਤੋਂ ਹੁਣ ਤੱਕ ਲਗਾਤਾਰ ਮੈਂਬਰ ਬਣਦੇ ਰਹੇ। ਉਹ ਧਰਮ ਪ੍ਰਚਾਰ ਦੇ ਮੈਂਬਰ ਵੀ ਰਹੇ ਅਤੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਵੀ ਬਣੇ। ਐਡਵੋਕੇਟ ਧਾਮੀ 2019 ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ, ਜਿਸ ਮਗਰੋਂ 2020 ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਦੇ ਪ੍ਰਬੰਧਕੀ ਅਹੁਦੇ 'ਤੇ ਸੇਵਾ ਨਿਭਾਈ। ਉਸ ਮਗਰੋਂ ਨਵੰਬਰ 2021 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ ਅਤੇ ਹੁਣ ਇਸ ਅਹੁਦੇ ਉੱਤੇ ਲਗਾਤਾਰ ਛੇਵੀਂ ਵਾਰ ਚੁਣੇ ਗਏ ਹਨ। ਉਹ ਸਿੱਖ ਸਰੋਕਾਰਾਂ ਦੀ ਡੂੰਘੀ ਪਕੜ ਰੱਖਦੇ ਹਨ ਅਤੇ ਇਕ ਦਿਆਨਤਦਾਰ ਆਗੂ ਵਜੋਂ ਜਾਣੇ ਜਾਂਦੇ ਹਨ।

ਐਡਵੋਕੇਟ ਧਾਮੀ ਨੂੰ ਆਪਣੇ ਕਾਰਜਕਾਲ ਦੌਰਾਨ ਸਿੱਖ ਧਰਮ ਇਤਿਹਾਸ ਦੀਆਂ ਕਈ ਸ਼ਤਾਬਦੀਆਂ ਵੀ ਮਨਾਉਣ ਦਾ ਵੀ ਮੌਕਾ ਮਿਲਿਆ। ਉਨ੍ਹਾਂ ਨੇ ਪ੍ਰਧਾਨਗੀ ਦੀ ਅਹਿਮ ਜ਼ਿੰਮੇਵਾਰੀ ਨਿਭਾਉਂਦਿਆਂ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵਿੱਤੀ ਮਜ਼ਬੂਤੀ ਲਈ ਵਿਸ਼ੇਸ਼ ਤਵੱਜੋਂ ਦਿੱਤੀ।

ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਨੌਜਵਾਨਾਂ ਨੂੰ ਉੱਚ ਪ੍ਰਸ਼ਾਸਕੀ ਸੇਵਾਵਾਂ ਲਈ ਉਤਸ਼ਾਹਿਤ ਅਤੇ ਤਿਆਰ ਕਰਨ ਵੱਲ ਉਨ੍ਹਾਂ ਨੇ ਖਾਸ ਧਿਆਨ ਦਿੱਤਾ, ਜਿਸ ਸਦਕਾ ਨਿਸਚੈ ਪ੍ਰਸ਼ਾਸਕੀ ਸੇਵਾਵਾਂ ਅਕੈਡਮੀ ਹੋਂਦ ਵਿਚ ਆਈ। ਇਹ ਯੋਗ ਵਿਦਿਆਰਥੀ ਨੂੰ ਮੁਫਤ ਵਿਚ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਦਾ ਕਾਰਜ ਕਰ ਰਹੀ ਹੈ।

ਜਨਰਲ ਇਜਲਾਸ ਵਿੱਚ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖਤ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਸਮੇਤ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਬੀਬੀ ਜਗੀਰ ਕੌਰ, ਅਲਵਿੰਦਰ ਪਾਲ ਸਿੰਘ ਪੱਖੋਕੇ ਤੇ ਹੋਰ ਮੈਂਬਰ ਹਾਜ਼ਰ ਹਨ।

ਨੇੜਲੇ ਰਿਸ਼ਤਿਆਂ 'ਚ ਵਿਆਹਾਂ ਸਬੰਧੀ ਸੁਪਰੀਮ ਕੋਰਟ ਦਾ ਕੇਂਦਰ ਨੂੰ ਨੋਟਿਸ

ਢੁੱਕਵਾਂ ਕਾਨੂੰਨ ਲਿਆਉਣ ਜਾਂ ਪਾਠਕ੍ਰਮ ਰਾਹੀਂ ਲੋਕਾਂ ਨੂੰ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ 'ਤੇ ਵਿਚਾਰ ਕਰਨ ਲਈ ਕਿਹਾ

ਨਵੀਂ ਦਿੱਲੀ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਨੇੜਲੇ ਖੂਨ ਦੇ ਰਿਸ਼ਤਿਆਂ ਵਿਚਾਲੇ ਵਿਆਹ ਦੇ ਰੁਝਾਨ ਨੂੰ ਦੇਖਦਿਆਂ ਸੁਪਰੀਮ ਕੋਰਟ ਨੇ ਕੇਂਦਰ ਤੋਂ ਜਵਾਬ ਮੰਗਿਆ ਹੈ। ਇਹ ਕਹਿੰਦਿਆਂ ਕਿ ਉਹ ਸਰਕਾਰ ਨੂੰ ਕੋਈ ਨਿਰਦੇਸ਼ ਨਹੀਂ ਦੇਣਾ ਚਾਹੁੰਦੀ ਸਗੋਂ ਸਿਰਫ਼ ਜਾਗਰੂਕ ਕਰਨਾ ਚਾਹੁੰਦੀ ਹੈ, ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕੇਂਦਰ ਤੋਂ ਖੂਨ ਦੇ ਨੇੜਲੇ ਰਿਸ਼ਤਿਆਂ ਵਿੱਚ ਹੋਣ ਵਾਲੇ ਵਿਆਹਾਂ ਬਾਰੇ ਕਾਨੂੰਨ ਲਿਆਉਣ ਦੀ 'ਲੋੜ/ ਉਚਿਤਤਾ' 'ਤੇ ਜਵਾਬ ਮੰਗਿਆ ਹੈ।

ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਇਹ ਵੀ ਨੋਟ ਕੀਤਾ ਕਿ ਅਦਾਲਤ ਅਜਿਹੇ 'ਨੇੜਲੇ ਖੂਨ ਦੇ ਰਿਸ਼ਤਿਆਂ ਵਾਲੇ ਵਿਆਹਾਂ' ਨੂੰ ਨਿਯਮਤ ਨਹੀਂ ਕਰ ਸਕਦੀ। ਸਿਖਰਲੀ ਅਦਾਲਤ ਨੇ ਕਿਹਾ ਕਿ ਇਹ ਵਿਸ਼ਾ ਪੂਰੀ ਤਰ੍ਹਾਂ ਵਿਧਾਨਪਾਲਿਕਾ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ।

ਇਸ ਮੁੱਦੇ ਨੂੰ ਉਠਾਉਣ ਵਾਲੇ ਪਟੀਸ਼ਨਰ ਦੇ ਵਕੀਲ ਨੇ ਕਿਹਾ ਕਿ ਇਹ ਮਾਮਲਾ ਅੰਤਰ-ਪੀੜ੍ਹੀ ਸਮਾਨਤਾ (inter-generational equity) ਦਾ ਸਵਾਲ ਖੜ੍ਹਾ ਕਰਦਾ ਹੈ ਅਤੇ ਲੋਕਾਂ ਨੂੰ ਵਿਆਪਕ ਪ੍ਰਚਾਰ ਰਾਹੀਂ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ।

ਬੈਂਚ ਨੇ ਕਿਹਾ, ਅਸੀਂ ਭਾਰਤ ਸਰਕਾਰ 'ਤੇ ਇਸ ਗੱਲ ਦਾ ਜ਼ੋਰ ਪਾਉਣ ਦੇ ਸੀਮਤ ਉਦੇਸ਼ ਲਈ ਨੋਟਿਸ ਜਾਰੀ ਕਰ ਰਹੇ ਹਾਂ ਕਿ ਉਹ ਇੱਕ ਢੁੱਕਵਾਂ ਕਾਨੂੰਨ ਲਿਆਉਣ ਦੀ ਲੋੜ 'ਤੇ ਵਿਚਾਰ ਕਰੇ, ਜਾਂ ਇੱਕ ਉਚਿਤ ਪਾਠਕ੍ਰਮ ਸਮੇਤ ਵੱਖ-ਵੱਖ ਮਾਧਿਅਮਾਂ ਰਾਹੀਂ ਵਿਆਪਕ ਪ੍ਰਚਾਰ ਯਕੀਨੀ ਬਣਾਏ...

ਬੈਂਚ ਨੇ ਟਿੱਪਣੀ ਕੀਤੀ, ਅਸੀਂ ਭਾਰਤ ਸਰਕਾਰ ਨੂੰ ਢੁੱਕਵੇਂ ਕਾਨੂੰਨ ਦੀ ਲੋੜ 'ਤੇ ਵਿਚਾਰ ਕਰਨ ਲਈ ਪ੍ਰੇਰਿਤ ਕਰਨ ਦੇ ਸੀਮਤ ਉਦੇਸ਼ ਵਾਸਤੇ ਨੋਟਿਸ ਜਾਰੀ ਕਰ ਸਕਦੇ ਹਾਂ। ਅਸੀਂ ਉਨ੍ਹਾਂ ਨੂੰ ਨਿਰਦੇਸ਼ ਨਹੀਂ ਦੇਵਾਂਗੇ। ਅਸੀਂ ਸਿਰਫ਼ ਉਨ੍ਹਾਂ ਨੂੰ ਜਾਗਰੂਕ ਕਰਾਂਗੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਬਹੁ-ਅਨੁਸ਼ਾਸਨੀ ਅਧਿਐਨ ਨੂੰ ਸਮਰਪਿਤ ਚੌਥੀ ਅੰਤਰਰਾਸ਼ਟਰੀ ਕਾਨਫਰੰਸ ਸੰਪੰਨ

ਫ਼ਤਹਿਗੜ੍ਹ ਸਾਹਿਬ,19 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਬ-ਸਾਂਝੀਵਾਲਤਾ, ਦਾਰਸ਼ਨਿਕ ਚਿੰਤਨ ਅਤੇ ਬਹੁ-ਅਨੁਸ਼ਾਸਨੀ ਗਿਆਨ ਪਰੰਪਰਾ ਨੂੰ ਵਿਸ਼ਵ ਪੱਧਰ 'ਤੇ ਵਿਚਾਰਨ ਅਤੇ ਇਸ ਦੀ ਸਮਕਾਲੀ ਪ੍ਰਸੰਗਿਕਤਾ ਨੂੰ ਵੱਖ-ਵੱਖ ਅਕਾਦਮਿਕ ਦ੍ਰਿਸ਼ਟੀਕੋਣਾਂ ਤੋਂ ਉਜਾਗਰ ਕਰਨ ਦੇ ਉਦੇਸ਼ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵੱਲੋਂ ਸਿੱਖ ਐਜੂਕੇਸ਼ਨ ਕੌਂਸਲ, ਯੂ.ਕੇ. ਦੇ ਸਹਿਯੋਗ ਨਾਲ ਕਰਵਾਈ ਗਈ ਤਿੰਨ ਰੋਜ਼ਾ ਚੌਥੀ ਅੰਤਰਰਾਸ਼ਟਰੀ ਕਾਨਫਰੰਸ 'ਸ੍ਰੀ ਗੁਰੂ ਗ੍ਰੰਥ ਸਾਹਿਬ: ਬਹੁ-ਅਨੁਸ਼ਾਸਨੀ ਪਰਿਪੇਖ' ਅੱਜ ਸੰਪੰਨ ਹੋ ਗਈ। 18 ਤੋਂ 20 ਨਵੰਬਰ ਤੱਕ ਚੱਲੀ ਇਸ ਕਾਨਫਰੰਸ ਵਿੱਚ ਕੁੱਲ 85 ਰਜਿਸਟ੍ਰੇਸ਼ਨਾਂ ਹੋਈਆਂ ਅਤੇ ਦੇਸ਼-ਵਿਦੇਸ਼ ਦੇ ਵਿਦਵਾਨਾਂ, ਅਧਿਆਪਕਾਂ ਅਤੇ ਖੋਜਾਰਥੀਆਂ ਨੇ ਵੱਖ-ਵੱਖ ਗਿਆਨ-ਖੇਤਰਾਂ ਨਾਲ ਸਬੰਧਤ ਖੋਜ-ਕਾਰਜ ਪੇਸ਼ ਕਰਦਿਆਂ ਗੁਰਬਾਣੀ ਦੀ ਵਿਸ਼ਵ-ਵਿਆਪੀ ਪ੍ਰਸੰਗਿਕਤਾ ਬਾਰੇ ਸਾਰਥਕ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਨਾਮ ਜੇਤੂ ਪਰਚਾ ਪੇਸ਼ਕਾਰਾਂ ਨੂੰ ਵਧਾਈ ਦਿੱਤੀ ਅਤੇ ਕਾਨਫਰਸ ਦੌਰਾਨ ਹੋਈ ਗੰਭੀਰ ਵਿਚਾਰ ਚਰਚਾ ਉੱਤੇ ਤਸੱਲੀ ਪ੍ਰਗਟ ਕੀਤੀ ਉਹਨਾਂ ਆਖਿਆ ਕਿ ਭਵਿੱਖ ਵਿੱਚ ਇਸ ਕਾਨਫਰੰਸ ਨੂੰ ਹੋਰ ਮੁਲਵਾਨ ਬਣਾਉਣ ਲਈ ਕਾਨਫਰੰਸ ਸਲਾਹਕਾਰ ਬੋਰਡ ਵਿੱਚ ਦੇਸ਼ ਵਿਦੇਸ਼ ਤੋਂ ਮਾਹਰ ਵਿਦਵਾਨਾਂ ਨੂੰ ਸ਼ਾਮਿਲ ਕੀਤਾ ਜਾਵੇਗਾ।

ਅੱਜ ਵਿਦਾਇਗੀ ਸੈਸ਼ਨ ਮੌਕੇ ਮੁੱਖ ਵਕਤਾ ਵਜੋਂ ਸ਼ਾਮਿਲ ਹੋਏ ਪ੍ਰੋਫੈਸਰ ਹਰਭਜਨ ਸਿੰਘ, ਡਾਇਰੈਕਟਰ, ਭਾਈ ਬਲਵੀਰ ਸਿੰਘ ਸਾਹਿਤ ਕੇਂਦਰ ਦੇਹਰਾਦੂਨ ਨੇ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਆਖਿਆ ਕਿ ਗੁਰਮਤ ਸਿਧਾਂਤ ਅਤੇ ਗੁਰਸਿੱਖ ਅਭਿਆਸ ਦੀ ਵਿਲੱਖਣਤਾ ਨੂੰ ਪੰਜਾਬ ਤੱਕ ਸੀਮਤ ਰੱਖਣ ਦੀ ਬਜਾਏ ਪੂਰੇ ਸੰਸਾਰ ਤੱਕ ਫੈਲਾਉਣ ਦੀ ਲੋੜ ਹੈ। ਅਜਿਹ

ਸਰਕਾਰੀ ਵਾਵਰੋਲ਼ੀਆਂ 'ਚ ਉਚੇਰੀ ਵਿੱਦਿਆ, ਧੂੜ ਫੱਕਦੀ ਯੋਗਤਾ



ਗੁਰਮੀਤ ਸਿੰਘ ਤੁੰਗ
9855221193

ਪੰਜਾਬ ਦੀ ਸਰਕਾਰੀ ਉੱਚ ਸਿੱਖਿਆ ਅੱਜ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ, ਜਿੱਥੇ ਸਵਾਲ ਸਿਰਫ਼ ਅਧਿਆਪਕਾਂ ਦੀਆਂ ਖ਼ਾਲੀ ਅਸਾਮੀਆਂ ਦਾ ਨਹੀਂ, ਸਗੋਂ ਸਮੁੱਚੀ ਸਿੱਖਿਆ ਪ੍ਰਣਾਲੀ ਦੀ ਦਿਸ਼ਾ, ਭਰੋਸੇਯੋਗਤਾ ਅਤੇ ਭਵਿੱਖ ਦਾ ਹੈ। ਜਿਹੜੇ ਸਰਕਾਰੀ ਕਾਲਜ ਕਦੇ ਪੰਜਾਬ ਦੇ ਮੱਧਵਰਗੀ ਅਤੇ ਆਮ ਪਰਿਵਾਰਾਂ ਦੇ ਬੱਚਿਆਂ ਲਈ ਉੱਚ ਸਿੱਖਿਆ ਦੇ ਸਭ ਤੋਂ ਭਰੋਸੇਮੰਦ ਦਰਵਾਜ਼ੇ ਮੰਨੇ ਜਾਂਦੇ ਸਨ, ਉਨ੍ਹਾਂ ਦੀ ਅਕਾਦਮਿਕ ਸਮਰੱਥਾ ਲਗਾਤਾਰ ਘਟਣ ਦੀਆਂ ਚਿੰਤਾਵਾਂ ਸਾਹਮਣੇ ਆ ਰਹੀਆਂ ਹਨ। ਅਧਿਆਪਕ ਕਿਸੇ ਵੀ ਸਿੱਖਿਆ ਸੰਸਥਾ ਦੀ ਰੂਹ ਹੁੰਦੇ ਹਨ, ਪਰ ਜਦੋਂ ਸੰਸਥਾਵਾਂ ਇਮਾਰਤਾਂ, ਕਮਰਿਆਂ ਅਤੇ ਦਾਖ਼ਲਾ ਪ੍ਰਕਿਰਿਆਵਾਂ ਤੱਕ ਸਿਮਟਣ ਲੱਗ ਪੈਣ ਅਤੇ ਉਨ੍ਹਾਂ ਵਿੱਚ ਪੜ੍ਹਾਉਣ ਵਾਲੇ ਪੱਕੇ ਅਧਿਆਪਕਾਂ ਦੀ ਘਾਟ ਬਣੀ ਰਹੇ ਤਾਂ ਸਿੱਖਿਆ ਦਾ ਮਿਆਰ ਕਾਇਮ ਰੱਖਣਾ ਮੁਸ਼ਕਲ ਹੋ ਜਾਂਦਾ ਹੈ।

ਇਸ ਸੰਕਟ ਨੂੰ ਕਿਸੇ ਇੱਕ ਸਰਕਾਰ, ਇੱਕ ਭਰਤੀ ਜਾਂ ਇੱਕ ਅਦਾਲਤੀ ਫ਼ੈਸਲੇ ਨਾਲ ਜੋੜ ਕੇ ਨਹੀਂ ਦੇਖਿਆ ਜਾ ਸਕਦਾ। ਇਹ ਲੰਮੇ ਸਮੇਂ ਤੋਂ ਚੱਲ ਰਹੀ ਪ੍ਰਸ਼ਾਸਕੀ ਅਣਗਹਿਲੀ, ਅਧੂਰੀ ਭਰਤੀ ਯੋਜਨਾਬੰਦੀ, ਨੀਤੀਗਤ ਅਸਥਿਰਤਾ ਅਤੇ ਜਵਾਬਦੇਹੀ ਦੀ ਘਾਟ ਨਾਲ ਜੁੜਿਆ ਹੋਇਆ ਮਸਲਾ ਹੈ। ਇਸ ਲਈ ਇਸ ਦੀ ਪੜਤਾਲ ਵੀ ਵਿਅਕਤੀਗਤ ਹਮਦਰਦੀ ਜਾਂ ਸਿਆਸੀ ਪੱਖਪਾਤ ਦੀ ਥਾਂ ਤੱਥਾਂ, ਦਸਤਾਵੇਜ਼ਾਂ ਅਤੇ ਜਨਤਕ ਹਿੱਤ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ।

ਅਧਿਆਪਕਾਂ ਦੀ ਘਾਟ ਅਤੇ ਸਰਕਾਰੀ ਕਾਲਜਾਂ ਦੀ ਬਦਲਦੀ ਤਸਵੀਰ: ਸਰਕਾਰੀ ਕਾਲਜਾਂ ਵਿੱਚ ਅਧਿਆਪਕਾਂ ਦੀ ਘਾਟ ਕੋਈ ਨਵੀਂ ਸਮੱਸਿਆ ਨਹੀਂ। ਅਕਤੂਬਰ 2023 ਵਿੱਚ ਸਾਹਮਣੇ ਆਏ ਅੰਕੜਿਆਂ ਅਨੁਸਾਰ ਪੰਜਾਬ ਦੇ 64 ਸਰਕਾਰੀ ਕਾਲਜਾਂ ਵਿੱਚ 2,353 ਮਨਜ਼ੂਰਸ਼ੁਦਾ ਅਧਿਆਪਨ ਅਸਾਮੀਆਂ ਦੇ ਮੁਕਾਬਲੇ ਸਿਰਫ਼ ਲਗਭਗ 250 ਪੱਕੇ ਅਧਿਆਪਕ ਹੀ ਸੇਵਾਵਾਂ ਨਿਭਾ ਰਹੇ ਸਨ। ਬਾਕੀ ਅਸਾਮੀਆਂ ਖ਼ਾਲੀ ਸਨ ਜਾਂ ਠੇਕਾ ਆਧਾਰਿਤ ਅਤੇ ਮਹਿਮਾਨ ਅਧਿਆਪਕਾਂ ਰਾਹੀਂ ਪੜ੍ਹਾਈ ਦਾ ਕੰਮ ਚਲਾਇਆ ਜਾ ਰਿਹਾ ਸੀ।

ਇਸ ਤੋਂ ਵੀ ਵਧੇਰੇ ਚਿੰਤਾਜਨਕ ਤਸਵੀਰ ਅਗਸਤ 2026 ਵਿੱਚ ਪੰਜਾਬ ਵਿਧਾਨ ਸਭਾ ਵਿੱਚ ਸਾਹਮਣੇ ਆਈ। ਉੱਚ ਸਿੱਖਿਆ ਮੰਤਰੀ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸਰਕਾਰੀ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਅਧਿਆਪਕਾਂ ਦੀਆਂ ਕੁੱਲ 5,686 ਮਨਜ਼ੂਰਸ਼ੁਦਾ ਅਸਾਮੀਆਂ ਵਿੱਚੋਂ 2,424 ਖ਼ਾਲੀ ਪਈਆਂ ਸਨ। ਭਾਵ, ਲਗਭਗ 42.6 ਫ਼ੀਸਦੀ ਅਸਾਮੀਆਂ ਖ਼ਾਲੀ ਸਨ। ਇਸੇ ਚਰਚਾ ਦੌਰਾਨ 64 ਸਰਕਾਰੀ ਕਾਲਜਾਂ ਵਿੱਚ ਮਹਿਮਾਨ ਅਤੇ ਅੰਸ਼ਕ ਸਮੇਂ ਦੇ ਅਧਿਆਪਕਾਂ ਉੱਤੇ ਨਿਰਭਰਤਾ ਦਾ ਮੁੱਦਾ ਵੀ ਉੱਠਿਆ। ਇਹ ਅੰਕੜੇ ਸਿਰਫ਼ ਸਰਕਾਰੀ ਕਾਲਜਾਂ ਦੇ ਨਹੀਂ, ਸਗੋਂ ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਸਾਂਝੀ ਸਥਿਤੀ ਦਰਸਾਉਂਦੇ ਹਨ।

ਇੱਥੇ ਇੱਕ ਬੁਨਿਆਦੀ ਸਵਾਲ ਪੈਦਾ ਹੁੰਦਾ ਹੈ ਕਿ ਜਦੋਂ ਸਰਕਾਰ ਕੋਲ ਅਸਾਮੀਆਂ ਮਨਜ਼ੂਰ ਕਰਨ, ਨਵੇਂ ਕਾਲਜ ਖੋਲ੍ਹਣ ਅਤੇ ਉੱਚ ਸਿੱਖਿਆ ਦੇ ਵਿਸਥਾਰ ਦੀਆਂ ਯੋਜਨਾਵਾਂ ਬਣਾਉਣ ਦੀ ਸਮਰੱਥਾ ਹੈ ਤਾਂ ਉਨ੍ਹਾਂ ਸੰਸਥਾਵਾਂ ਵਿੱਚ ਪੱਕੇ ਅਧਿਆਪਕਾਂ ਦੀ ਨਿਯੁਕਤੀ ਸਮੇਂ ਸਿਰ ਕਿਉਂ ਨਹੀਂ ਹੋ ਸਕਦੀ? ਕਾਲਜ ਦੀ ਇਮਾਰਤ ਬਣਾਉਣਾ ਸਿੱਖਿਆ ਦਾ ਵਿਸਥਾਰ ਨਹੀਂ ਹੁੰਦਾ। ਅਸਲ ਵਿਸਥਾਰ ਤਾਂ ਉਦੋਂ ਹੁੰਦਾ ਹੈ ਜਦੋਂ ਹਰ ਵਿਸ਼ੇ ਲਈ ਯੋਗ ਅਧਿਆਪਕ, ਢੁੱਕਵੀਂ ਪੁਸਤਕਾਲਾ, ਪ੍ਰਯੋਗਸ਼ਾਲਾ, ਖੋਜ ਦੀਆਂ ਸਹੂਲਤਾਂ ਅਤੇ ਵਿਦਿਆਰਥੀਆਂ ਨੂੰ ਸਿੱਖਣ ਦਾ ਮਿਆਰੀ ਮਾਹੌਲ ਮਿਲੇ।

1158 ਅਸਾਮੀਆਂ ਦੀ ਭਰਤੀ: ਪ੍ਰਸ਼ਾਸਕੀ ਗ਼ਲਤੀਆਂ ਦੀ ਅਦਾਲਤੀ ਪੜਤਾਲ: ਪੰਜਾਬ ਦੀ ਉੱਚ ਸਿੱਖਿਆ ਦੇ ਸੰਕਟ ਵਿੱਚ 1158 ਸਹਾਇਕ ਪ੍ਰੋਫੈਸਰਾਂ ਅਤੇ ਪੁਸਤਕਾਲਾ ਮੁਖੀਆਂ ਦੀ ਭਰਤੀ ਦਾ ਮਾਮਲਾ ਇੱਕ ਅਹਿਮ ਅਧਿਆਇ ਹੈ। ਜਨਵਰੀ 2021 ਵਿੱਚ ਪੰਜਾਬ ਸਰਕਾਰ ਨੇ ਪੰਜਾਬ ਲੋਕ ਸੇਵਾ ਕਮਿਸ਼ਨ ਨੂੰ 931 ਸਹਾਇਕ ਪ੍ਰੋਫੈਸਰਾਂ ਅਤੇ 50 ਪੁਸਤਕਾਲਾ ਮੁਖੀਆਂ ਦੀ ਭਰਤੀ ਲਈ ਮੰਗ ਭੇਜੀ ਸੀ। ਬਾਅਦ ਵਿੱਚ ਨਵੇਂ ਕਾਲਜਾਂ ਲਈ 160 ਸਹਾਇਕ ਪ੍ਰੋਫੈਸਰਾਂ ਅਤੇ 17 ਪੁਸਤਕਾਲਾ ਮੁਖੀਆਂ ਦੀਆਂ ਹੋਰ ਅਸਾਮੀਆਂ ਮਨਜ਼ੂਰ ਕੀਤੀਆਂ ਗਈਆਂ। ਇਸ ਤਰ੍ਹਾਂ ਕੁੱਲ 1,091 ਸਹਾਇਕ ਪ੍ਰੋਫੈਸਰਾਂ ਅਤੇ 67 ਪੁਸਤਕਾਲਾ ਮੁਖੀਆਂ ਦੀ ਭਰਤੀ ਦਾ ਅਮਲ ਸ਼ੁਰੂ ਹੋਇਆ।

ਪਰ ਅਕਤੂਬਰ 2021 ਵਿੱਚ ਪਹਿਲਾਂ ਤੋਂ ਨਿਰਧਾਰਤ ਭਰਤੀ ਵਿਧੀ ਵਿੱਚ ਤਬਦੀਲੀ ਕਰਦਿਆਂ ਸਾਰੀਆਂ ਅਸਾਮੀਆਂ ਨੂੰ ਕਮਿਸ਼ਨ ਦੇ ਦਾਇਰੇ ਤੋਂ ਬਾਹਰ ਕਰਕੇ ਦੋ ਸਰਕਾਰੀ ਯੂਨੀਵਰਸਿਟੀਆਂ ਦੀਆਂ ਚੋਣ ਕਮੇਟੀਆਂ ਰਾਹੀਂ ਭਰਨ ਦਾ ਫ਼ੈਸਲਾ ਕੀਤਾ ਗਿਆ। 19 ਅਕਤੂਬਰ 2021 ਨੂੰ ਇਸ਼ਤਿਹਾਰ ਜਾਰੀ ਹੋਏ ਅਤੇ ਨਵੰਬਰ ਦੇ ਅਖ਼ੀਰ ਵਿੱਚ ਨਤੀਜੇ ਵੀ ਐਲਾਨ ਦਿੱਤੇ ਗਏ। ਇਸ ਪ੍ਰਕਿਰਿਆ ਨੂੰ ਲੈ ਕੇ ਉਮੀਦਵਾਰਾਂ ਵੱਲੋਂ ਅਦਾਲਤ ਦਾ ਦਰਵਾਜ਼ਾ ਖੜਕਾਇਆ ਗਿਆ।

8 ਅਗਸਤ 2022 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇਕਹਿਰੀ ਜੱਜ ਨੇ ਭਰਤੀ ਪ੍ਰਕਿਰਿਆ ਰੱਦ ਕਰ ਦਿੱਤੀ। ਪਰ 23 ਸਤੰਬਰ 2024 ਨੂੰ ਦੋਹਰੇ ਬੈਂਚ ਨੇ ਪਹਿਲੇ ਫ਼ੈਸਲੇ ਨੂੰ ਉਲਟਦਿਆਂ ਭਰਤੀ ਨੂੰ ਬਰਕਰਾਰ ਰੱਖਿਆ। ਇਸ ਤੋਂ ਬਾਅਦ ਮਾਮਲਾ ਸਰਵਉੱਚ ਅਦਾਲਤ ਵਿੱਚ ਪਹੁੰਚਿਆ।

14 ਜੁਲਾਈ 2025 ਨੂੰ ਸਰਵਉੱਚ ਅਦਾਲਤ ਨੇ ਭਰਤੀ ਪ੍ਰਕਿਰਿਆ ਨੂੰ ਰੱਦ ਕਰਦਿਆਂ ਸੂਬਾ ਸਰਕਾਰ ਨੂੰ ਨਿਯਮਾਂ ਅਨੁਸਾਰ ਨਵੀਂ ਭਰਤੀ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਦੀ ਪੜਤਾਲ ਦਾ ਮੁੱਖ ਆਧਾਰ ਇਹ ਸੀ ਕਿ ਪੰਜਾਬ ਲੋਕ ਸੇਵਾ ਕਮਿਸ਼ਨ ਨੂੰ ਨਿਰਧਾਰਤ ਕਾਨੂੰਨੀ ਵਿਧੀ ਅਪਣਾਏ ਬਿਨਾਂ ਭਰਤੀ ਤੋਂ ਵੱਖ ਕੀਤਾ ਗਿਆ ਸੀ। ਇਸ ਤੋਂ ਇਲਾਵਾ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ ਨਿਰਧਾਰਤ ਚੋਣ ਪ੍ਰਕਿਰਿਆ ਦੀ ਥਾਂ ਸਿਰਫ਼ ਬਹੁ-ਵਿਕਲਪੀ ਪ੍ਰਸ਼ਨਾਂ ਵਾਲੀ ਲਿਖਤੀ ਪ੍ਰੀਖਿਆ ਰੱਖੀ ਗਈ ਅਤੇ ਉਮੀਦਵਾਰਾਂ ਦੀ ਅਕਾਦਮਿਕ ਕਾਰਗੁਜ਼ਾਰੀ ਤੇ ਮੌਖਿਕ ਮੁਲਾਂਕਣ ਵਰਗੇ ਅਹਿਮ ਪੱਖਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ। ਅਦਾਲਤ ਨੇ ਇਸ ਪੂਰੀ ਕਾਰਵਾਈ ਨੂੰ ਮਨਮਾਨੀ ਅਤੇ ਕਾਨੂੰਨੀ ਕਸੌਟੀ ਉੱਤੇ ਅਸਵੀਕਾਰਯੋਗ ਮੰਨਿਆ।

ਇਸ ਫ਼ੈਸਲੇ ਦੀ ਅਹਿਮੀਅਤ ਇਹ ਹੈ ਕਿ ਸਰਵਉੱਚ ਅਦਾਲਤ ਨੇ ਸਿਰਫ਼ ਨਿਯੁਕਤੀਆਂ ਦੀ ਵਿਧੀ ਉੱਤੇ ਸਵਾਲ ਨਹੀਂ ਉਠਾਇਆ, ਸਗੋਂ ਉੱਚ ਸਿੱਖਿਆ ਵਿੱਚ ਅਧਿਆਪਕਾਂ ਦੀ ਚੋਣ ਲਈ ਅਕਾਦਮਿਕ ਯੋਗਤਾ ਦੇ ਸਮੁੱਚੇ ਮੁਲਾਂਕਣ ਦੀ ਲੋੜ ਨੂੰ ਵੀ ਸਪੱਸ਼ਟ ਕੀਤਾ।

ਯੋਗਤਾ, ਨੈੱਟ ਅਤੇ ਮੈਰਿਟ ਦਾ ਅਸਲ ਸਵਾਲ: ਸਹਾਇਕ ਪ੍ਰੋਫੈਸਰਾਂ ਦੀ ਨਿਯੁਕਤੀ ਵਿੱਚ ਯੋਗਤਾ ਦੇ ਮਾਪਦੰਡਾਂ ਦਾ ਆਪਣਾ ਵਿਸ਼ੇਸ਼ ਮਹੱਤਵ ਹੈ। ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੇ 2018 ਦੇ ਨਿਯਮਾਂ ਅਨੁਸਾਰ ਸਬੰਧਤ ਵਿਸ਼ੇ ਵਿੱਚ ਘੱਟੋ-ਘੱਟ 55 ਫ਼ੀਸਦੀ ਅੰਕਾਂ ਨਾਲ ਉੱਚ ਡਿਗਰੀ ਅਤੇ ਰਾਸ਼ਟਰੀ ਜਾਂ ਸੂਬਾਈ ਯੋਗਤਾ ਪ੍ਰੀਖਿਆ ਪਾਸ ਕਰਨਾ ਆਮ ਤੌਰ 'ਤੇ ਲਾਜ਼ਮੀ ਹੈ। ਨਿਯਮਾਂ ਅਨੁਸਾਰ ਨਿਰਧਾਰਤ ਸ਼ਰਤਾਂ ਪੂਰੀਆਂ ਕਰਨ ਵਾਲੇ ਪੀਐੱਚ.ਡੀ. ਡਿਗਰੀ ਧਾਰਕਾਂ ਨੂੰ ਇਸ ਪ੍ਰੀਖਿਆ ਤੋਂ ਛੋਟ ਵੀ ਦਿੱਤੀ ਜਾ ਸਕਦੀ ਹੈ। ਇਸ ਲਈ ਕਿਸੇ ਉਮੀਦਵਾਰ ਦੀ ਯੋਗਤਾ ਬਾਰੇ ਫ਼ੈਸਲਾ ਅਧੂਰੀ ਜਾਣਕਾਰੀ ਦੀ ਥਾਂ ਉਸ ਦੀ ਡਿਗਰੀ, ਪ੍ਰੀਖਿਆ ਅਤੇ ਲਾਗੂ ਨਿਯਮਾਂ ਦੀ ਜਾਂਚ ਤੋਂ ਬਾਅਦ ਹੀ ਹੋਣਾ ਚਾਹੀਦਾ ਹੈ।

ਇਸ ਮਾਮਲੇ ਵਿੱਚ ਕੁਝ ਉਮੀਦਵਾਰਾਂ ਦੀਆਂ ਯੋਗਤਾਵਾਂ ਬਾਰੇ ਵੀ ਸਵਾਲ ਉੱਠਦੇ ਰਹੇ ਹਨ। ਪਰ ਇੱਕ ਅਹਿਮ ਤੱਥਕ ਫ਼ਰਕ ਸਮਝਣਾ ਜ਼ਰੂਰੀ ਹੈ: ਸਰਵਉੱਚ ਅਦਾਲਤ ਦਾ 14 ਜੁਲਾਈ 2025 ਦਾ ਫ਼ੈਸਲਾ ਸਮੁੱਚੀ ਭਰਤੀ ਪ੍ਰਕਿਰਿਆ ਦੀ ਕਾਨੂੰਨੀ ਵੈਧਤਾ ਬਾਰੇ ਸੀ; ਇਸ ਨੂੰ ਹਰ ਨਿਯੁਕਤ ਵਿਅਕਤੀ ਦੀ ਨੈੱਟ ਜਾਂ ਪੀਐੱਚ.ਡੀ. ਯੋਗਤਾ ਬਾਰੇ ਵੱਖਰੇ ਤੌਰ 'ਤੇ ਦਿੱਤਾ ਗਿਆ ਫ਼ੈਸਲਾ ਨਹੀਂ ਮੰਨਿਆ ਜਾ ਸਕਦਾ। ਇਸ ਲਈ ਹਰ ਉਮੀਦਵਾਰ ਦੀ ਯੋਗਤਾ ਦੀ ਸੁਤੰਤਰ ਅਤੇ ਦਸਤਾਵੇਜ਼ੀ ਜਾਂਚ ਹੋਣੀ ਚਾਹੀਦੀ ਹੈ।

ਇਹ ਵੀ ਉਨਾ ਹੀ ਜ਼ਰੂਰੀ ਹੈ ਕਿ ਯੋਗ ਉਮੀਦਵਾਰਾਂ ਨੂੰ ਸਾਲਾਂ ਤੱਕ ਮੁਕੱਦਮਿਆਂ ਅਤੇ ਅਨਿਸ਼ਚਿਤਤਾ ਵਿੱਚ ਨਾ ਰੱਖਿਆ ਜਾਵੇ। ਮੈਰਿਟ ਦਾ ਅਰਥ ਸਿਰਫ਼ ਅੰਕਾਂ ਦੀ ਸੂਚੀ ਨਹੀਂ, ਸਗੋਂ ਪਾਰਦਰਸ਼ੀ ਚੋਣ, ਬਰਾਬਰ ਮੌਕਾ ਅਤੇ ਨਿਯਮਾਂ ਦੀ ਇਕਸਾਰ ਪਾਲਣਾ ਹੈ।

ਅਦਾਲਤੀ ਹੁਕਮਾਂ ਤੋਂ ਬਾਅਦ ਵੀ ਅਧੂਰੀ ਭਰਤੀ: ਸਰਵਉੱਚ ਅਦਾਲਤ ਦੇ ਫ਼ੈਸਲੇ ਤੋਂ ਬਾਅਦ ਪੰਜਾਬ ਸਰਕਾਰ ਨੇ ਨਿਯੁਕਤ ਅਧਿਆਪਕਾਂ ਨੂੰ ਨਵੀਂ ਭਰਤੀ ਹੋਣ ਤੱਕ ਸੇਵਾ ਵਿੱਚ ਜਾਰੀ ਰੱਖਣ ਲਈ ਰਾਹਤ ਮੰਗੀ। ਅਗਸਤ 2025 ਵਿੱਚ ਅਦਾਲਤ ਨੇ ਨਵੀਂ ਚੋਣ ਪ੍ਰਕਿਰਿਆ ਪੂਰੀ ਹੋਣ ਤੱਕ ਉਨ੍ਹਾਂ ਨੂੰ ਸੇਵਾ ਜਾਰੀ ਰੱਖਣ ਦੀ ਅੰਤਰਿਮ ਇਜਾਜ਼ਤ ਦਿੱਤੀ। ਸਰਕਾਰ ਨੇ ਫ਼ਰਵਰੀ 2026 ਤੱਕ ਨਵੀਂ ਭਰਤੀ ਪੂਰੀ ਕਰਨ ਦਾ ਭਰੋਸਾ ਦਿੱਤਾ ਸੀ। ਪਰ 20 ਜੂਨ 2026 ਦੀ ਰਿਪੋਰਟ ਅਨੁਸਾਰ ਇਹ ਪ੍ਰਕਿਰਿਆ ਨਿਰਧਾਰਤ ਸਮੇਂ ਤੱਕ ਮੁਕੰਮਲ ਨਹੀਂ ਹੋਈ ਸੀ। ਵਿਭਾਗੀ ਅਧਿਕਾਰੀਆਂ ਨੇ ਕਿਹਾ ਕਿ ਬਦਲਵੇਂ ਪ੍ਰਬੰਧ ਕੀਤੇ ਬਿਨਾਂ ਮੌਜੂਦਾ ਅਧਿਆਪਕਾਂ ਨੂੰ ਹਟਾਉਣਾ ਸੰਭਵ ਨਹੀਂ, ਕਿਉਂਕਿ ਕਾਲਜਾਂ ਵਿੱਚ ਪੜ੍ਹਾਈ ਜਾਰੀ ਰੱਖਣੀ ਵੀ ਲਾਜ਼ਮੀ ਹੈ।

ਇੱਥੇ ਦੋਵੇਂ ਧਿਰਾਂ ਦੇ ਹਿੱਤਾਂ ਨੂੰ ਸਮਝਣਾ ਜ਼ਰੂਰੀ ਹੈ। ਇੱਕ ਪਾਸੇ ਉਹ ਅਧਿਆਪਕ ਹਨ ਜਿਨ੍ਹਾਂ ਦੀਆਂ ਨਿਯੁਕਤੀਆਂ ਅਦਾਲਤ ਵੱਲੋਂ ਰੱਦ ਕੀਤੀਆਂ ਗਈਆਂ, ਦੂਜੇ ਪਾਸੇ ਮਹਿਮਾਨ ਅਧਿਆਪਕ ਹਨ ਜੋ ਲੰਮੇ ਸਮੇਂ ਤੋਂ ਸੇਵਾਵਾਂ ਦੇ ਰਹੇ ਹਨ ਅਤੇ ਤੀਜੇ ਪਾਸੇ ਨਵੇਂ ਭਰਤੀ ਹੋਣ ਦੀ ਉਡੀਕ ਕਰ ਰਹੇ ਯੋਗ ਉਮੀਦਵਾਰ ਹਨ। ਇਨ੍ਹਾਂ ਸਭ ਤੋਂ ਉੱਪਰ ਉਹ ਵਿਦਿਆਰਥੀ ਹਨ ਜਿਨ੍ਹਾਂ ਦੀ ਪੜ੍ਹਾਈ ਪ੍ਰਭਾਵਿਤ ਨਹੀਂ ਹੋਣੀ ਚਾਹੀਦੀ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਕਿਸੇ ਇੱਕ ਧਿਰ ਨੂੰ ਰਾਹਤ ਦੇਣ ਦੇ ਨਾਂ 'ਤੇ ਦੂਜੀ ਧਿਰ ਦੇ ਹੱਕਾਂ ਨੂੰ ਅਣਡਿੱਠਾ ਨਾ ਕੀਤਾ ਜਾਵੇ।

ਨਿੱਜੀਕਰਨ ਦਾ ਖ਼ਤਰਾ ਅਤੇ ਸਰਕਾਰ ਦੀ ਜਵਾਬਦੇਹੀ: ਸਰਕਾਰੀ ਕਾਲਜਾਂ ਦੀ ਕਮਜ਼ੋਰੀ ਦਾ ਸਭ ਤੋਂ ਡੂੰਘਾ ਅਸਰ ਸਮਾਜਿਕ ਬਰਾਬਰੀ ਉੱਤੇ ਪੈਂਦਾ ਹੈ। ਨਿੱਜੀ ਸੰਸਥਾਵਾਂ ਦੀਆਂ ਫ਼ੀਸਾਂ ਹਰ ਪਰਿਵਾਰ ਦੀ ਪਹੁੰਚ ਵਿੱਚ ਨਹੀਂ ਹੁੰਦੀਆਂ। ਪੇਂਡੂ ਖੇਤਰਾਂ, ਕਿਸਾਨ ਪਰਿਵਾਰਾਂ, ਮਜ਼ਦੂਰਾਂ ਅਤੇ ਘੱਟ ਆਮਦਨ ਵਾਲੇ ਘਰਾਂ ਦੇ ਬੱਚਿਆਂ ਲਈ ਸਰਕਾਰੀ ਕਾਲਜ ਅੱਗੇ ਵਧਣ ਦਾ ਅਹਿਮ ਸਾਧਨ ਹਨ। ਜੇਕਰ ਇਨ੍ਹਾਂ ਸੰਸਥਾਵਾਂ ਵਿੱਚ ਪੜ੍ਹਾਈ ਦਾ ਮਿਆਰ ਡਿੱਗਦਾ ਹੈ ਤਾਂ ਸਮਰੱਥ ਪਰਿਵਾਰ ਹੋਰ ਬਦਲ ਲੱਭ ਲੈਂਦੇ ਹਨ, ਪਰ ਆਰਥਿਕ ਤੌਰ 'ਤੇ ਕਮਜ਼ੋਰ ਵਿਦਿਆਰਥੀਆਂ ਦੇ ਮੌਕੇ ਸੀਮਤ ਹੋ ਜਾਂਦੇ ਹਨ।

ਇਸ ਦਾ ਹੱਲ ਸਿਰਫ਼ ਨਵੀਆਂ ਇਮਾਰਤਾਂ ਜਾਂ ਐਲਾਨਾਂ ਵਿੱਚ ਨਹੀਂ, ਸਗੋਂ ਇੱਕ ਲੰਮੀ ਅਤੇ ਜਵਾਬਦੇਹ ਸਿੱਖਿਆ ਨੀਤੀ ਵਿੱਚ ਹੈ। ਸਰਕਾਰ ਨੂੰ ਹਰ ਕਾਲਜ ਦੀ ਵਿਸ਼ਾਵਾਰ ਖ਼ਾਲੀ ਅਸਾਮੀਆਂ ਦੀ ਸੂਚੀ ਜਨਤਕ ਕਰਨੀ ਚਾਹੀਦੀ ਹੈ। ਭਰਤੀ ਲਈ ਨਿਸ਼ਚਿਤ ਸਮਾਂ-ਸਾਰਣੀ ਬਣਾਈ ਜਾਵੇ, ਚੋਣ ਪ੍ਰਕਿਰਿਆ ਵਿੱਚ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਹਰ ਪੜਾਅ ਦੀ ਜਾਣਕਾਰੀ ਜਨਤਕ ਕੀਤੀ ਜਾਵੇ। ਨਾਲ ਹੀ ਮਹਿਮਾਨ ਅਧਿਆਪਕਾਂ ਦੀਆਂ ਸੇਵਾ-ਸ਼ਰਤਾਂ, ਤਨਖ਼ਾਹ ਅਤੇ ਭਵਿੱਖ ਬਾਰੇ ਵੀ ਸਪੱਸ਼ਟ ਨੀਤੀ ਬਣਾਈ ਜਾਵੇ।

ਸਰਕਾਰੀ ਕਾਲਜ ਬਚਾਉਣ ਦੀ ਸਿਆਸੀ ਇੱਛਾ ਹੀ ਅਸਲ ਮੁੱਦਾ: ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਅੱਜ ਨਾਅਰਿਆਂ ਦੀ ਨਹੀਂ, ਨੀਅਤ, ਨੀਤੀ ਅਤੇ ਅਮਲ ਦੀ ਲੋੜ ਹੈ। ਅਧਿਆਪਕਾਂ ਦੀਆਂ ਖ਼ਾਲੀ ਅਸਾਮੀਆਂ ਭਰਨਾ ਕੋਈ ਅਹਿਸਾਨ ਨਹੀਂ, ਸਗੋਂ ਸਰਕਾਰ ਦੀ ਸੰਵਿਧਾਨਕ ਅਤੇ ਪ੍ਰਸ਼ਾਸਕੀ ਜ਼ਿੰਮੇਵਾਰੀ ਹੈ। ਯੋਗਤਾ ਨੂੰ ਸਿਆਸੀ ਪ੍ਰਭਾਵ ਤੋਂ ਉੱਪਰ ਰੱਖਣਾ, ਭਰਤੀ ਵਿੱਚ ਪਾਰਦਰਸ਼ਤਾ ਲਿਆਉਣਾ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਕਿਸੇ ਵੀ ਪ੍ਰਸ਼ਾਸਕੀ ਖਿੱਚੋਤਾਣ ਤੋਂ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ।

ਸਰਕਾਰ ਨੂੰ ਇਹ ਵੀ ਸਪੱਸ਼ਟ ਕਰਨਾ ਪਵੇਗਾ ਕਿ ਸਰਕਾਰੀ ਕਾਲਜਾਂ ਨੂੰ ਮਜ਼ਬੂਤ ਬਣਾਉਣਾ ਉਸ ਦੀ ਅਸਲ ਤਰਜੀਹ ਹੈ ਜਾਂ ਸਿਰਫ਼ ਕਾਗ਼ਜ਼ੀ ਯੋਜਨਾਵਾਂ ਦਾ ਹਿੱਸਾ। ਜਿਹੜੇ ਕਾਲਜ ਕਦੇ ਪੰਜਾਬ ਦੀ ਬੌਧਿਕ ਚੇਤਨਾ, ਸਮਾਜਿਕ ਤਰੱਕੀ ਅਤੇ ਨੌਜਵਾਨਾਂ ਦੇ ਸੁਪਨਿਆਂ ਦੇ ਕੇਂਦਰ ਸਨ, ਉਨ੍ਹਾਂ ਨੂੰ ਅਧਿਆਪਕਾਂ ਤੋਂ ਸੱਖਣਾ ਛੱਡਣਾ ਆਉਣ ਵਾਲੀਆਂ ਪੀੜ੍ਹੀਆਂ ਨਾਲ ਬੇਇਨਸਾਫ਼ੀ ਹੋਵੇਗੀ। ਕਿਉਂਕਿ ਜਦੋਂ ਸਰਕਾਰੀ ਕਾਲਜਾਂ ਵਿੱਚ ਅਧਿਆਪਕ ਨਹੀਂ ਰਹਿੰਦੇ, ਤਾਂ ਸਿਰਫ਼ ਜਮਾਤਾਂ ਖ਼ਾਲੀ ਨਹੀਂ ਹੁੰਦੀਆਂ, ਸਗੋਂ ਸਮਾਜ ਦੇ ਬਰਾਬਰੀ ਵਾਲੇ ਭਵਿੱਖ ਦੀਆਂ ਸੰਭਾਵਨਾਵਾਂ ਵੀ ਖ਼ਾਲੀ ਹੋਣ ਲੱਗਦੀਆਂ ਹਨ।

ਸੰਪਾਦਕੀ

ਗ਼ਫ਼ਲਤ ਦੇ ਜੁਰਮ ਖਿਲਾਫ ਸਰਕਾਰੀ ਹੁਕਮ

ਸੁਪਰੀਮ ਕੋਰਟ ਦਾ ਫ਼ੈਸਲਾ: ਸਰਕਾਰੀ



ਹਾਈ ਕੋਰਟ ਵੱਲੋਂ ਬਨੂੜ ਵਿੱਚ ਏਅਰੋਸਿਟੀ ਵਿਸਥਾਰ ਪ੍ਰਾਜੈਕਟ ਲਈ ਜ਼ਮੀਨ ਪ੍ਰਾਪਤੀ 'ਤੇ ਰੋਕ

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੁਹਾਲੀ ਜ਼ਿਲ੍ਹੇ ਦੀ ਬਨੂੜ ਤਹਿਸੀਲ ਵਿੱਚ ਏਅਰੋਟ੍ਰੋਪੋਲਿਸ (ਏਅਰੋਸਿਟੀ) ਵਿਸਥਾਰ ਪ੍ਰਾਜੈਕਟ ਲਈ ਜ਼ਮੀਨ ਪ੍ਰਾਪਤ ਕਰਨ ਦੀ ਪ੍ਰਕਿਰਿਆ 'ਤੇ ਅੰਤਰਿਮ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ ਅਤੇ ਅਗਲੀ ਸੁਣਵਾਈ ਤੱਕ ਸਬੰਧਤ ਜ਼ਮੀਨ ਦਾ ਮੁਆਵਜ਼ਾ ਤੈਅ ਕਰਨ ਸਬੰਧੀ ਐਵਾਰਡ ਪਾਸ ਕਰਨ 'ਤੇ ਰੋਕ ਲਗਾ ਦਿੱਤੀ ਹੈ।

ਜਸਟਿਸ ਜੇ ਐੱਸ ਪੁਰੀ ਅਤੇ ਜਸਟਿਸ ਪਰਵਿੰਦਰ ਚੌਹਾਨ ਦੇ ਡਿਵੀਜ਼ਨ ਬੈਂਚ ਨੇ ਧਰਮਿੰਦਰ ਸਿੰਘ ਅਤੇ ਹੋਰਨਾਂ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਹੁਕਮ ਦਿੱਤੇ। ਇਸ ਸਬੰਧੀ ਵਕੀਲਾਂ ਨੇ 17 ਜ਼ਮੀਨ ਮਾਲਕਾਂ ਦਾ ਪੱਖ ਰੱਖਿਆ ਗਿਆ। ਪਟੀਸ਼ਨਕਰਤਾਵਾਂ ਨੇ ਜ਼ਮੀਨ ਪ੍ਰਾਪਤੀ, ਮੁੜ ਵਸੇਬੇ ਅਤੇ ਉਚਿਤ ਮੁਆਵਜ਼ੇ ਸਬੰਧੀ 2013 ਦੇ ਕਾਨੂੰਨ ਤਹਿਤ ਸ਼ੁਰੂ ਕੀਤੀ ਪ੍ਰਕਿਰਿਆ ਨੂੰ ਚੁਣੌਤੀ ਦਿੱਤੀ ਹੈ।

ਪਟੀਸ਼ਨ ਮੁਤਾਬਕ ਮੁਲਾਂਕਣ ਲਈ 27 ਫਰਵਰੀ 2026 ਨੂੰ ਜਾਰੀ ਕੀਤੇ ਮੁੱਢਲੇ ਨੋਟੀਫਿਕੇਸ਼ਨ ਵਿੱਚ ਪਿੰਡ ਈਸਾ ਖਾਨ ਦਾ ਨਾਂ ਦਰਜ ਕੀਤਾ ਗਿਆ ਸੀ। ਇਸ ਤੋਂ ਬਾਅਦ 28 ਅਪਰੈਲ 2026 ਨੂੰ ਜਾਰੀ ਸ਼ੁੱਧੀ ਪੱਤਰ ਰਾਹੀਂ ਸਪੱਸ਼ਟ ਕੀਤਾ ਗਿਆ ਕਿ ਈਸਾ ਖਾਨ ਕੋਈ ਵੱਖਰਾ ਮਾਲੀਆ ਪਿੰਡ ਨਹੀਂ ਸਗੋਂ ਬਨੂੜ ਪਿੰਡ ਦਾ ਹੀ ਇੱਕ ਇਲਾਕਾ ਹੈ।

ਪਟੀਸ਼ਨਕਰਤਾਵਾਂ ਨੇ ਦੋਸ਼ ਲਾਇਆ ਕਿ 20 ਮਈ 2026 ਨੂੰ ਜਨਤਕ ਸੁਣਵਾਈ ਪਿੰਡ ਬਨੂੜ ਦੀ ਬਜਾਏ ਖਿਜ਼ਰਗੜ੍ਹ ਵਿੱਚ ਕਰਵਾਈ ਗਈ। ਪ੍ਰਭਾਵਿਤ ਜ਼ਮੀਨ ਮਾਲਕਾਂ ਅਤੇ ਵਸਨੀਕਾਂ ਨੂੰ ਇਸ ਬਾਰੇ ਸਹੀ ਢੰਗ ਨਾਲ ਜਾਣਕਾਰੀ ਨਹੀਂ ਦਿੱਤੀ ਗਈ। ਇਸ ਕਾਰਨ ਸੁਣਵਾਈ ਵਿੱਚ ਸਿਰਫ਼ ਸੱਤ ਵਿਅਕਤੀ ਹੀ ਸ਼ਾਮਲ ਹੋ ਸਕੇ, ਜਦੋਂਕਿ ਬਨੂੜ ਦੀ ਆਬਾਦੀ 18,775 ਤੋਂ ਵੱਧ ਹੈ। ਪਟੀਸ਼ਨ ਵਿੱਚ ਮਾਹਿਰਾਂ ਦੇ ਸਮੂਹ ਦੇ ਗਠਨ ਅਤੇ ਉਸ ਦੀ ਮੀਟਿੰਗ ਦੀ ਕਾਨੂੰਨੀ ਵਾਜਬਤਾ 'ਤੇ ਵੀ ਸਵਾਲ ਚੁੱਕੇ ਗਏ ਹਨ। ਪਟੀਸ਼ਨਕਰਤਾਵਾਂ ਮੁਤਾਬਕ ਬਨੂੜ ਵਿੱਚ 1954 ਤੋਂ ਨਗਰ ਕੌਂਸਲ ਮੌਜੂਦ ਹੈ ਅਤੇ ਇੱਥੇ ਗ੍ਰਾਮ ਪੰਚਾਇਤ ਜਾਂ ਸਰਪੰਚ ਨਹੀਂ ਹੈ। ਇਸ ਦੇ ਬਾਵਜੂਦ ਸਰਕਾਰੀ ਪੱਤਰ ਵਿਹਾਰ ਵਿੱਚ ਗ੍ਰਾਮ ਪੰਚਾਇਤ ਅਤੇ ਸਰਪੰਚ ਦਾ ਜ਼ਿਕਰ ਕੀਤਾ ਗਿਆ। 24 ਜੁਲਾਈ 2026 ਨੂੰ ਮਾਹਿਰਾਂ ਦੇ ਸਮੂਹ ਦੀ ਹੋਈ ਮੀਟਿੰਗ ਵਿੱਚ ਨਗਰ ਕੌਂਸਲ ਦੀ ਨੁਮਾਇੰਦਗੀ ਅਤੇ ਲਾਜ਼ਮੀ ਮੈਂਬਰਾਂ ਦੀ ਹਾਜ਼ਰੀ 'ਤੇ ਵੀ ਇਤਰਾਜ਼ ਜਤਾਇਆ ਗਿਆ। ਇਹ ਜ਼ਮੀਨ ਕੌਮੀ ਮਾਰਗ-7 'ਤੇ ਰਾਜਪੁਰਾ-ਜ਼ੀਰਕਪੁਰ ਸੜਕ ਕਿਨਾਰੇ ਬਨੂੜ ਦੇ ਮਾਸਟਰ ਪਲਾਨ ਦੇ ਮਿਕਸਡ ਯੂਜ਼ ਖੇਤਰ ਵਿੱਚ ਪੈਂਦੀ ਹੈ। ਪਟੀਸ਼ਨਕਰਤਾਵਾਂ ਨੇ ਦਲੀਲ ਦਿੱਤੀ ਹੈ ਕਿ ਇਸ ਕਾਰਵਾਈ ਨਾਲ ਉਨ੍ਹਾਂ ਦੇ ਜਾਇਦਾਦ ਸਬੰਧੀ ਅਧਿਕਾਰ ਪ੍ਰਭਾਵਿਤ ਹੋ ਰਹੇ ਹਨ।

ਸੜਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ-ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ,19 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੜਕ ਹਾਦਸਿਆਂ ਨੂੰ ਰੋਕਣ, ਆਵਾਜਾਈ ਨੂੰ ਸੁਰੱਖਿਅਤ ਬਣਾਉਣ ਅਤੇ ਲੋਕਾਂ ਦੀਆਂ ਕੀਮਤੀ ਜਾਨਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀ ਪ੍ਰਧਾਨਗੀ ਹੇਠ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੋਡ ਸੇਫਟੀ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਸੜਕ ਸੁਰੱਖਿਆ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ ਅਤੇ ਸੜਕ ਹਾਦਸਿਆਂ ਦੀ ਰੋਕਥਾਮ ਲਈ ਲੋੜੀਂਦੇ ਕਦਮ ਚੁੱਕਣ ਸਬੰਧੀ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਡਿਪਟੀ ਕਮਿਸ਼ਨਰ ਨੇ ਸਬੰਧਤ ਰੋਡ ਏਜੰਸੀਆਂ ਦੇ ਅਧਿਕਾਰੀਆਂ ਨੂੰ



ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਪਛਾਣੇ ਗਏ ਬਲੈਕ ਸਪਾਟਾਂ ਨੂੰ ਦੂਰ ਕਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਨਵੇਂ ਬਲੈਕ ਸਪਾਟਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਵੀ ਹਾਦਸਾ ਮੁਕਤ ਬਣਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ, ਤਾਂ ਜੋ ਸੜਕੀ ਹਾਦਸਿਆਂ ਦੀ ਸੰਭਾਵਨਾ ਨੂੰ ਘਟਾਇਆ ਜਾ ਸਕੇ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਮੋਰਿੰਡਾ ਤੋਂ ਬਸੀ ਪਠਾਣਾ ਦੇ ਐਂਟਰੀ ਪੁਆਇੰਟ 'ਤੇ ਵਾਪਰ ਰਹੇ ਸੜਕ ਹਾਦਸਿਆਂ ਦਾ ਗੰਭੀਰ ਨੋਟਿਸ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਇਸ ਥਾਂ 'ਤੇ ਲੋੜੀਂਦੇ ਰਿਫਲੈਕਟਰ ਲਗਾਉਣ ਦੇ ਨਿਰਦੇਸ਼ ਦਿੱਤੇ, ਤਾਂ ਜੋ ਵਾਹਨ ਚਾਲਕਾਂ ਨੂੰ ਦੂਰੋਂ ਹੀ ਸੜਕ ਦੀ ਸਥਿਤੀ ਬਾਰੇ ਜਾਣਕਾਰੀ ਮਿਲ ਸਕੇ ਅਤੇ ਹਾਦਸਿਆਂ ਤੋਂ ਬਚਾਅ ਹੋ ਸਕੇ। ਇਸਦੇ ਨਾਲ ਹੀ ਨੈਸ਼ਨਲ ਹਾਈਵੇ ਤੇ ਬਣੀਆਂ ਅਣਅਧਿਕਾਰਤ ਪਾਰਕਿੰਗਾਂ ਅਤੇ ਢਾਬਿਆਂ ਨੂੰ ਹਟਾਉਣ ਲਈ ਲੋੜੀਂਦੇ ਕਦਮ ਚੁੱਕਣ ਦੀ ਹਦਾਇਤ ਕੀਤੀ, ਤਾਂ ਜੋ ਨੈਸ਼ਨਲ ਹਾਈਵੇ 'ਤੇ ਆਵਾਜਾਈ ਵਿੱਚ ਰੁਕਾਵਟ ਨਾ ਆਵੇ ਅਤੇ ਹਾਦਸਿਆਂ ਨੂੰ ਰੋਕਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਦੀ ਸਹਾਇਤਾ ਅਤੇ ਸੁਰੱਖਿਅਤ ਆਵਾਜਾਈ ਨੂੰ ਉਤਸ਼ਾਹਿਤ ਕਰਨ ਲਈ ਚਲਾਈਆਂ ਜਾ ਰਹੀਆਂ ਪੀ.ਐਮ. ਰਾਹਤ, ਰਾਹਵੀਰ ਸਕੀਮ, ਸੜਕ ਸੁਰੱਖਿਆ ਮਿੱਤਰ ਅਤੇ ਫਰਿਸ਼ਤੇ ਸਕੀਮ ਬਾਰੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਕੀਮਾਂ ਸਬੰਧੀ ਲੋਕਾਂ ਨੂੰ ਜਾਣਕਾਰੀ ਦੇਣ ਲਈ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਜਾਣ, ਤਾਂ ਜੋ ਲੋੜ ਪੈਣ 'ਤੇ ਲੋਕ ਇਨ੍ਹਾਂ ਦਾ ਲਾਭ ਲੈ ਸਕਣ।

ਇਸ ਮੌਕੇ ਐਸ.ਡੀ.ਐਮ.ਅਮਲੋਹ ਸ੍ਰੀਮਤੀ ਹਰਵੀਰ ਕੌਰ, ਸ੍ਰੀ ਅਭੀਮਨਿਊ ਮਲਿਕ ਐਸ.ਡੀ.ਐਮ.ਖਮਾਣੋਂ, ਸ੍ਰੀ ਅਰਵਿੰਦ ਕੁਮਾਰ ਰਿਜਨਲ ਟਰਾਂਸਪੋਰਟ ਅਫਸਰ, ਸ੍ਰੀ ਇੰਦਰਪ੍ਰੀਤ ਸਿੰਘ ਡੀ.ਐਸ.ਪੀ.ਸਹਾਇਕ ਰਿਜਨਲ ਟਰਾਂਸਪੋਰਟ ਅਫਸਰ ਸ੍ਰੀ ਮਨਿੰਦਰ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

ਡਿਪਟੀ ਕਮਿਸ਼ਨਰ ਵੱਲੋਂ ਅਹੁਦਾ ਸੰਭਾਲਣ ਮਗਰੋਂ ਕੀਤੀ ਪਲੇਠੀ ਮੀਟਿੰਗ



ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਵੱਲੋਂ ਅਹੁਦਾ ਸੰਭਾਲਣ ਮਗਰੋਂ ਪਲੇਠੀ ਮੀਟਿੰਗ ਕਰਦਿਆਂ ਜ਼ਿਲ੍ਹੇ ਚੱਲ ਰਹੀਆਂ ਵੱਖ ਵੱਖ ਸਕੀਮਾਂ ਦੇ ਕੰਮਾਂ ਦੀ ਸਮੀਖਿਆ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਂਦੇ ਹੋਏ ਵੱਖ ਵੱਖ ਸਕੀਮਾਂ ਤਹਿਤ ਵੱਧ ਤੋਂ ਵੱਧ ਵਿਕਾਸ ਕਾਰਜ ਕਰਵਾਏ ਜਾਣ ਅਤੇ ਚੱਲ ਰਹੇ ਵਿਕਾਸ ਦੇ ਕੰਮਾਂ ਤੇ ਵਿਸ਼ੇਸ਼ ਧਿਆਨ ਦਿੰਦੇ ਹੋਏ ਲੰਬਿਤ ਕੰਮਾਂ ਨੂੰ ਵੀ ਮਿਥੇ ਸਮੇਂ ਵਿੱਚ ਪੂਰਾ ਕੀਤਾ ਜਾਵੇ। ਇਸ ਤੋਂ ਇਲਾਵਾ ਮੁਕੰਮਲ ਹੋਏ ਕੰਮਾਂ ਦੀ ਪ੍ਰਗਤੀ ਰਿਪੋਰਟ ਤਿਆਰ ਕੀਤੀ ਜਾਵੇ। ਇਸ ਮੌਕੇ ਮੀਟਿੰਗ ਵਿੱਚ ਏ.ਡੀ.ਸੀਜ਼, ਐਸ ਡੀ ਐਮਜ਼ ਅਤੇ ਸਮੂਹ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਬੀ.ਡੀ.ਪੀ.ਓਜ਼ ਤੇ ਵੱਖ ਵੱਖ ਵਿਭਾਗਾਂ ਦੇ ਕਾਰਜਕਾਰੀ ਇੰਜੀਨੀਅਰਜ਼ ਅਤੇ ਹੋਰ ਸੀਨੀਅਰ ਅਧਿਕਾਰੀਆਂ ਤੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਹਾਸਲ ਕਰਦੇ ਹੋਏ ਉਨ੍ਹਾਂ ਨੂੰ ਨਿਰਦੇਸ਼ ਦਿੱਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸੂਬਾ ਸਰਕਾਰ ਵੱਲੋਂ ਲੋਕ ਭਲਾਈ ਵਿਕਾਸ ਕਾਰਜਾਂ ਹਿੱਤ ਸਾਰੀਆਂ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਯੋਗ ਵਿਅਕਤੀਆਂ ਤੱਕ ਪਹੁੰਚੇ।

ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਕੰਮਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਅਤੇ ਕਿਹਾ ਕਿ ਮੀਟਿੰਗ ਦੌਰਾਨ ਦਿੱਤੇ ਨਿਰਦੇਸ਼ਾਂ 'ਤੇ ਕੀਤੀ ਗਈ ਕਾਰਵਾਈ ਸਬੰਧੀ ਅਗਲੀ ਮਹੀਨਾਵਾਰ ਮੀਟਿੰਗ ਵਿੱਚ ਰਿਪੋਰਟ ਦਿੱਤੀ ਜਾਵੇ, ਤਾਂ ਜੋ ਇਕ ਮਹੀਨੇ ਦੌਰਾਨ ਕੀਤੀ ਗਈ ਕਾਰਗੁਜ਼ਾਰੀ ਦਾ ਸਹੀ ਮੁਲਾਂਕਣ ਕੀਤਾ ਜਾ ਸਕੇ। ਮੀਟਿੰਗ ਵਿੱਚ ਜ਼ਿਲ੍ਹੇ ਦੇ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਹਾਜ਼ਰ ਸਨ।

ਸੜਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ-ਡਿਪਟੀ ਕਮਿਸ਼ਨਰ

ਫਤਹਿਗੜ੍ਹ ਸਾਹਿਬ, 19 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਰਾਜ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ.ਐਲ.ਸੀ.) ਕਰਵਾਈ ਜਾ ਰਹੀ ਹੈ। ਇਸੇ ਲੜੀ ਤਹਿਤ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਵੇਅਰਹਾਊਸ ਵਿੱਚ ਮੌਜੂਦ 1302 ਬੀ.ਯੂ, 842 ਸੀ.ਯੂ ਅਤੇ 887 ਵੀ.ਵੀ.ਪੀ.ਏ.ਟੀ ਦੀ ਫਸਟ ਲੈਵਲ ਚੈਕਿੰਗ ਚੱਲ ਰਹੀ ਹੈ, ਜਿਸਦਾ ਵਧੀਕ ਮੁੱਖ ਚੋਣ ਅਫਸਰ, ਪੰਜਾਬ, ਸ੍ਰੀ ਅਮਨਦੀਪ ਬਾਂਸਲ,ਆਈ.ਏ.ਐਸ. ਵੱਲੋਂ ਜਾਇਜਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਨੇ ਵੇਅਰਹਾਊਸ ਵਿੱਚ ਫਸਟ ਲੈਵਲ ਚੈਕਿੰਗ ਦੀ ਪ੍ਰਕਿਰਿਆ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਚੈਕਿੰਗ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਸਾਰੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ।

ਇਸ ਦੌਰਾਨ ਈ.ਵੀ.ਐਮ.ਨੋਡਲ ਅਫਸਰ ਕਮ ਐਸ.ਡੀ.ਐਮ. ਖਮਾਣੋਂ ਅਬੀਮਨਿਊ ਮਲਿਕ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਫਤਹਿਗੜ੍ਹ ਸਾਹਿਬ ਵਿਖੇ ਫਸਟ ਲੈਵਲ ਚੈਕਿੰਗ ਦਾ ਕੰਮ ਕਰੀਬ 80 ਫੀਸਦੀ ਮੁਕੰਮਲ ਹੋ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦੀ ਪ੍ਰਕਿਰਿਆ ਨੂੰ ਨਿਰਧਾਰਤ ਨਿਯਮਾਂ ਅਤੇ ਮਾਪਦੰਡਾਂ ਅਨੁਸਾਰ ਨੇਪਰੇ ਚਾੜ੍ਹਨ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਇਸ ਪ੍ਰਕਿਰਿਆ ਦਾ ਉਦੇਸ਼ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ-2027 ਦੌਰਾਨ ਵੋਟਿੰਗ ਮਸ਼ੀਨਾਂ ਦੀ ਭਰੋਸੇਯੋਗਤਾ ਅਤੇ ਚੋਣ ਪ੍ਰਬੰਧਾਂ ਦੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਹੈ। ਇਸ ਮੌਕੇ ਤਹਿਸੀਲਦਾਰ ਚੋਣਾਂ ਸ੍ਰੀਮਤੀ ਨਿਰਮਲਾ ਰਾਣੀ ਤੋਂ ਇਲਾਵਾ ਚੋਣ ਦਫ਼ਤਰ ਦਾ ਹੋਰ ਸਟਾਫ਼ ਵੀ ਹਾਜ਼ਰ ਸੀ।

ਪਰਾਲੀ ਅਤੇ ਜੀਰੀ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੇ ਮਾਮਲੇ 'ਚ ਪੰਜ ਵਿਅਕਤੀਆਂ ਖ਼ਿਲਾਫ਼ ਕੇਸ ਦਰਜ

ਪਾਤੜਾਂ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੁਲਿਸ ਵੱਲੋਂ ਕੀਤੀ ਜਾ ਰਹੀ ਕਾਰਵਾਈ ਤਹਿਤ ਘੱਗਾ ਅਤੇ ਪਾਤੜਾਂ ਪੁਲਿਸ ਨੇ ਪਰਾਲੀ ਅਤੇ ਜੀਰੀ ਦੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੇ ਮਾਮਲੇ ਵਿੱਚ ਪੰਜ ਵਿਅਕਤੀਆਂ ਖ਼ਿਲਾਫ਼ ਤਿੰਨ ਵੱਖ-ਵੱਖ ਮੁਕੱਦਮੇ ਦਰਜ ਕੀਤੇ ਹਨ।

ਇਸ ਸਬੰਧੀ ਪੁਲਿਸ ਤੋਂ ਮਿਲੀ ਜਾਣਕਾਰੀ ਅਨੁਸਾਰ ਘੱਗਾ ਪੁਲਿਸ ਦੇ ਹੌਲਦਾਰ ਮਨਦੀਪ ਸਿੰਘ ਸਮੇਤ ਪੁਲਿਸ ਪਾਰਟੀ ਨੂੰ ਗਸ਼ਤ ਦੌਰਾਨ ਸੂਚਨਾ ਮਿਲੀ ਕਿ ਪਿੰਡ ਕਲਵਾਨੂੰ ਵਿਖੇ ਗੁਰਭੇਜ ਸਿੰਘ, ਬਸੰਤ ਸਿੰਘ, ਕੁਲਦੀਪ ਸਿੰਘ ਅਤੇ ਬਲਕਾਰ ਸਿੰਘ ਪੁੱਤਰਾਨ ਸੀਤਾ ਸਿੰਘ ਵਾਸੀਆਨ ਕਲਵਾਨੂੰ ਵੱਲੋਂ ਆਪਣੇ ਖੇਤਾਂ ਵਿੱਚ ਜੀਰੀ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ ਸਬੰਧੀ ਪੁਲਿਸ ਨੇ ਚਾਰਾਂ ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਨੰਬਰ 159, ਧਾਰਾ 223 ਤਹਿਤ ਕੇਸ ਦਰਜ ਕੀਤਾ ਹੈ।

ਇਸੇ ਤਰ੍ਹਾਂ ਦੂਜੇ ਮਾਮਲੇ ਵਿੱਚ ਪਿੰਡ ਬੂਟਾ ਸਿੰਘ ਵਾਲਾ ਦੇ ਹਰਚਰਨ ਸਿੰਘ ਪੁੱਤਰ ਬਲਦੇਵ ਸਿੰਘ ਵੱਲੋਂ ਆਪਣੇ ਖੇਤਾਂ ਵਿੱਚ ਜੀਰੀ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਜ਼ਿਲ੍ਹਾ ਮੈਜਿਸਟਰੇਟ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਮੁਕੱਦਮਾ ਨੰਬਰ 160, ਧਾਰਾ 223 ਤਹਿਤ ਦਰਜ ਕੀਤਾ ਗਿਆ ਹੈ।

ਉਧਰ, ਪਾਤੜਾਂ ਪੁਲਿਸ ਥਾਣੇ ਵਿੱਚ ਵੀ ਇਸੇ ਸਬੰਧੀ ਇੱਕ ਹੋਰ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਮੁਲਾਜ਼ਮ ਹੌਲਦਾਰ ਅਮਰ ਚੰਦ ਸਮੇਤ ਪੁਲਿਸ ਪਾਰਟੀ ਨੂੰ ਸੂਚਨਾ ਮਿਲੀ ਕਿ ਪਿੰਡ ਸ਼ੇਰਗੜ੍ਹ ਵਿਖੇ ਨਾਮਾਲੂਮ ਵਿਅਕਤੀ ਆਪਣੇ ਖੇਤਾਂ ਵਿੱਚ ਜੀਰੀ ਦੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਰਹੇ ਹਨ। ਇਸ ਸਬੰਧੀ ਪੁਲਿਸ ਨੇ ਮੁਕੱਦਮਾ ਨੰਬਰ 378, ਧਾਰਾ 223 ਤਹਿਤ ਕੇਸ ਦ

ਆਈ.ਆਈ.ਟੀ.ਐੱਫ. 2026 ਵਿਖੇ ਸਥਾਪਤ ਪੰਜਾਬ ਪੈਵਿਲੀਅਨ: ਵਿਰਾਸਤ ਅਤੇ ਨਵੀਨਤਾ ਦਾ ਸ਼ਾਨਦਾਰ ਸੁਮੇਲ



ਨਵੀਂ ਦਿੱਲੀ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਥੇ ਚੱਲ ਰਹੇ ਇੰਡੀਆ ਇੰਟਰਨੈਸ਼ਨਲ ਟਰੇਡ ਫੇਅਰ (ਆਈ.ਆਈ.ਟੀ.ਐੱਫ.) 2026 ਵਿਖੇ ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ (ਪੀ.ਐੱਸ.ਆਈ.ਈ.ਸੀ.) 450 ਵਰਗ ਮੀਟਰ ਖੇਤਰ ਵਿੱਚ ਸਥਾਪਿਤ ਕੀਤਾ ਗਿਆ ਸ਼ਾਨਦਾਰ ਪੰਜਾਬ ਪੈਵਿਲੀਅਨ ਵਿਕਾਸ ਅਤੇ ਵਿਰਾਸਤ ਵਿਸ਼ੇ 'ਤੇ ਆਧਾਰਿਤ ਹੈ, ਜੋ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ, ਖੇਤੀਬਾੜੀ ਖੇਤਰ ਵਿੱਚ ਪ੍ਰਾਪਤੀਆਂ, ਉਦਯੋਗਿਕ ਸਮਰੱਥਾ ਅਤੇ ਤਕਨੀਕੀ ਤਰੱਕੀ ਨੂੰ ਦਰਸਾਉਂਦਾ ਹੈ। ਪ੍ਰਸ਼ਾਸਕੀ ਸਕੱਤਰ, ਉਦਯੋਗ ਤੇ ਵਣਜ ਵਿਭਾਗ, ਪੰਜਾਬ ਡਾ. ਬਸੰਤ ਗਰਗ, ਡਾਇਰੈਕਟਰ, ਉਦਯੋਗ ਤੇ ਵਣਜ ਵਿਭਾਗ ਸ਼੍ਰੀ ਜਸਪ੍ਰੀਤ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ, ਪੀ.ਐੱਸ.ਆਈ.ਈ.ਸੀ. ਸ਼੍ਰੀ ਰੁਬਿੰਦਰਜੀਤ ਸਿੰਘ ਬਰਾੜ ਦੀ ਰਹਿਨੁਮਾਈ ਹੇਠ ਤਿਆਰ ਕੀਤਾ ਗਿਆ ਇਹ ਪੈਵਿਲੀਅਨ ਵਿਕਸਿਤ ਪੰਜਾਬ - ਵਿਰਾਸਤ ਦਾ ਜਸ਼ਨ, ਨਵੀਨਤਾ ਨਾਲ ਨਿਰਮਾਣ ਦੇ ਦ੍ਰਿਸ਼ਟੀਕੋਣ ਨੂੰ ਪੇਸ਼ ਕਰਦਾ ਹੈ। ਸ਼੍ਰੀ ਅਰਸ਼ਦੀਪ ਸਿੰਘ, ਪ੍ਰਸ਼ਾਸਕ, ਪੰਜਾਬ ਪੈਵਿਲੀਅਨ ਨੇ ਦੱਸਿਆ ਕਿ ਨਿਵੇਕਲੇ ਤੇ ਦਿਲਖਿਚਵੇਂ ਤਰੀਕੇ ਅਤੇ ਵਿਸ਼ਾਗਤ ਪੇਸ਼ਕਾਰੀਆਂ ਦੇ ਜ਼ੁਮਾਰ ਨਾਲ ਡਿਜਾਇਨ ਕੀਤਾ ਪੈਵਿਲੀਅਨ ਪੰਜਾਬ ਸਰਕਾਰ ਦੁਆਰਾ ਸਿਰਜੇ ਜਾ ਰਹੇ ਨਿਵੇਸ਼ ਦੇ ਮੌਕਿਆਂ ਅਤੇ ਸੂਬੇ ਦੇ ਉਦਯੋਗਿਕ ਖੇਤਰ ਦੇ ਵਿਕਾਸ ਲਈ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਯੋਗ ਅਗਵਾਈ ਹੇਠ ਕੀਤੀਆਂ ਜਾ ਰਹੀਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਮਿਤੀ 16 ਨਵੰਬਰ 2026 ਨੂੰ ਜਿਊਰੀ ਵੱਲੋਂ ਵੀ ਪੰਜਾਬ ਪੈਵਿਲੀਅਨ ਦਾ ਦੌਰਾ ਕੀਤਾ ਗਿਆ ਅਤੇ ਵੱਖ-ਵੱਖ ਸਟਾਲਾਂ ਅਤੇ ਪ੍ਰਦਰਸ਼ਨੀਆਂ ਦਾ ਵਿਸ਼ੇਸ਼ ਤੌਰ 'ਤੇ ਜਾਇਜ਼ਾ ਲਿਆ ਗਿਆ। ਜਿਊਰੀ ਦੇ ਮੈਂਬਰਾਂ ਨੇ ਭਾਗ ਲੈ ਰਹੇ ਪ੍ਰਦਰਸ਼ਕਾਂ ਦੇ ਸਟਾਲਾਂ ਦਾ ਦੌਰਾ ਕੀਤਾ, ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਪੰਜਾਬ ਦੇ ਉਦਯੋਗਾਂ, ਸੂਖਮ, ਲਘੂ ਅਤੇ ਦਰਮਿਆਨੇ ਉੱਦਮਾਂ (ਐੱਮ.ਐੱਸ. ਐੱਮ.ਈਜ਼.) ਅਤੇ ਕਾਰੀਗਰਾਂ ਵੱਲੋਂ ਪ੍ਰਦਰਸ਼ਿਤ ਕੀਤੇ ਜਾ ਰਹੇ ਵੱਖ-ਵੱਖ ਉਤਪਾਦਾਂ, ਨਵੀਨਤਮ ਪਹਿਲਕਦਮੀਆਂ ਅਤੇ ਉੱਦਮੀ ਸਮਰੱਥਾ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਦੌਰ ਰਾਹੀਂ ਪੰਜਾਬ ਦੀ ਨਿਰਮਾਣ ਸਮਰੱਥਾ, ਕਾਰੀਗਰੀ, ਨਵੀਨਤਾ ਅਤੇ ਵਪਾਰਕ ਸੰਭਾਵਨਾਵਾਂ ਨੂੰ ਉਜਾਗਰ ਕੀਤਾ ਗਿਆ। ਇਹ ਪੈਵਿਲੀਅਨ ਪੰਜਾਬ ਦੀ ਰਵਾਇਤੀ ਆਰਕੀਟੈਕਚਰ, ਰੰਗ-ਬਿਰੰਗੇ ਨਮੂਨਿਆਂ, ਲੋਕ ਕਲਾ ਅਤੇ ਸੱਭਿਆਚਾਰਕ ਤੱਤਾਂ ਨੂੰ ਆਧੁਨਿਕ ਐੱਲ.ਈ.ਡੀ. ਡਿਸਪਲੇਅ, ਡਿਜੀਟਲ ਇੰਸਟਾਲੇਸ਼ਨਾਂ ਅਤੇ ਏ.ਆਈ. ਆਧਾਰਿਤ ਇੰਟਰਐਕਟਿਵ ਸੈਲਫੀ ਪੁਆਇੰਟਾਂ ਨਾਲ ਬੇਹੱਦ ਖੂਬਸੂਰਤੀ ਨਾਲ ਜੋੜਦਾ ਹੈ। ਇਸ ਦੇ ਮੁੱਖ ਆਕਰਸ਼ਣਾਂ ਵਿੱਚ ਸੈਂਟਰਲ ਵਿਕਸਿਤ ਪੰਜਾਬ ਇੰਸਟਾਲੇਸ਼ਨ, ਸ਼ਾਨਦਾਰ ਕਾਲੇ ਹਿਰਨ ਦੀ ਮੂਰਤੀ, ਪੰਜਾਬ ਦੀ ਨਿਰਮਾਣ ਸਮਰੱਥਾ ਨੂੰ ਦਰਸਾਉਂਦੇ ਖੇਡਾਂ ਦੇ ਸਾਮਾਨ, ਲਾਈਵ ਦਸਤਕਾਰੀ ਪ੍ਰਦਰਸ਼ਨ ਅਤੇ ਭੰਗੜੇ ਤੇ ਗਿੱਧੇ ਦੀਆਂ ਰੰਗਾਰੰਗ ਪੇਸ਼ਕਾਰੀਆਂ ਸ਼ਾਮਲ ਹਨ।

ਪੈਵਿਲੀਅਨ ਵਿੱਚ ਵਿਸ਼ੇਸ਼ ਜ਼ੋਨਾਂ ਰਾਹੀਂ ਪੰਜਾਬ ਵਿੱਚ ਨਿਵੇਸ਼ ਦੇ ਮੌਕਿਆਂ, ਇਨਵੈਸਟ ਪੰਜਾਬ, ਫਾਸਟ ਟ੍ਰੈਕ ਪੰਜਾਬ ਅਧੀਨ 300 ਤੋਂ ਵੱਧ ਰੈਗੂਲੇਟਰੀ ਮਨਜ਼ੂਰੀਆਂ ਅਤੇ ਉਦਯੋਗ ਤੇ ਵਪਾਰ ਵਿਕਾਸ ਨੀਤੀ 2026 ਨੂੰ ਉਜਾਗਰ ਕੀਤਾ ਗਿਆ ਹੈ। ਇਸ ਨੀਤੀ ਵਿੱਚ 24 ਸਮਰਪਿਤ ਖੇਤਰ-ਵਿਸ਼ੇਸ਼ ਨੀਤੀਆਂ ਅਤੇ ਨਿਵੇਸ਼ਕਾਂ ਲਈ ਅਨੁਕੂਲ ਪਹਿਲਕਦਮੀਆਂ ਸ਼ਾਮਲ ਹਨ। ਇਸ ਪੈਵਿਲੀਅਨ ਦਾ ਮੁੱਖ ਉਦੇਸ਼ ਪੰਜਾਬ ਦੀ ਸੱਭਿਆਚਾਰਕ ਪਛਾਣ ਨੂੰ ਪ੍ਰਫੁੱਲਤ ਕਰਨਾ, ਦੇਸ਼-ਵਿਦੇਸ਼ ਤੋਂ ਨਿਵੇਸ਼ ਆਕਰਸ਼ਿਤ ਕਰਨਾ, ਸੂਖਮ, ਲਘੂ ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਸਰਕਲ ਕਬੱਡੀ ਅੰਡਰ-19 ਲੜਕਿਆਂ ਦੇ ਟੂਰਨਾਮੈਂਟ 'ਚ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਨੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ



ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਅਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਸਰਕਲ ਕਬੱਡੀ ਅੰਡਰ-19 ਲੜਕਿਆਂ ਦਾ ਟੂਰਨਾਮੈਂਟ ਪ੍ਰੋਫੈਸਰ ਗੁਰਸੇਵਕ ਸਿੰਘ ਸਰਕਾਰੀ ਫਿਜੀਕਲ ਕਾਲਜ ਆਫ ਐਜੂਕੇਸ਼ਨ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਜਿਲਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਅਤੇ ਡੀਐਸਸੀ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਅੱਜ ਦੇ ਹੋਏ ਮੁਕਾਬਲਿਆਂ ਵਿੱਚ ਬਰਨਾਲੇ ਨੇ ਫਿਰੋਜ਼ਪੁਰ ਨੂੰ,ਲੁਧਿਆਣਾ ਨੇ ਫਾਜ਼ਿਲਕਾ ਨੂੰ,ਸ੍ਰੀ ਅੰਮ੍ਰਿਤਸਰ ਸਾਹਿਬ ਨੇ ਸ੍ਰੀ ਮੁਕਤਸਰ ਸਾਹਿਬ ਨੂੰ,ਸੰਗਰੂਰ ਨੇ ਮੋਗੇ ਨੂੰ, ਪਟਿਆਲੇ ਨੇ ਗੁਰਦਾਸਪੁਰ ਨੂੰ, ਮਲੇਰਕੋਟਲੇ ਨੇ ਤਰਨਤਾਰਨ ਨੂੰ ਹਰਾਇਆ।

ਇਸ ਮੌਕੇ ਤੇ ਅਬਜਰਵਰ ਜਸਵਿੰਦਰ ਸਿੰਘ,ਆਫੀਸ਼ੀਅਲ ਦਵਿੰਦਰ ਸਿੰਘ, ਆਫੀਸ਼ੀਅਲ ਰਾਜਵੀਰ ਸਿੰਘ,ਸੰਦੀਪ ਜੈਨ ਸੀਨੀਅਰ ਸਹਾਇਕ, ਟੂਰਨਾਮੈਂਟ ਤੇ ਕਨਵੀਨਰ ਦਵਿੰਦਰ ਸਿੰਘ ਵਿਰਕ ਤੇ ਗੁਰਪ੍ਰੀਤ ਸਿੰਘ ਝੰਡਾ, ਸ਼ਿਵ ਭੰਡੀਹ, ਬੇਅੰਤ ਸਿੰਘ,ਭਰਪੂਰ ਸਿੰਘ, ਕੁਲਵੰਤ ਸਿੰਘ,ਮਨਦੀਪ ਸ਼ਰਮਾ, ਲਖਵਿੰਦਰ ਸਿੰਘ,ਰਣਧੀਰ ਸਿੰਘ, ਰਾਕੇਸ਼ ਕੁਮਾਰ ਅਰੋੜਾ, ਜਗਬੀਰ ਸਿੰਘ, ਜਗਤਾਰ ਸਿੰਘ, ਗੁਰਪਿਆਰ ਸਿੰਘ, ਸੁਨੀਲ ਕੁਮਾਰ, ਕਿਰਨਜੀਤ ਕੌਰ,ਕੁਲਜੀਤ ਕੌਰ,ਕਮਲਪ੍ਰੀਤ ਕੌਰ, ਦਮਨਜੀਤ ਕੌਰ, ਰਾਜਨਪ੍ਰੀਤ ਕੌਰ,ਜਗਤਾਰ ਸਿੰਘ,ਜੈਤਸ਼ਾਹੂਦੀਪ ਸਿੰਘ, ਗੁਰਪ੍ਰੀਤ ਸਿੰਘ ਬਾਜਵਾ, ਜਸਵੰਤ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਤੇ ਸਾਰੇ ਜ਼ਿਲ੍ਹਿਆਂ ਦੇ ਖਿਡਾਰੀ ਅਤੇ ਡਿਊਟੀ ਸਟਾਫ ਹਾਜਰ ਸਨ।

ਮਾਨ ਸਰਕਾਰ ਵੱਲੋਂ ਪਸ਼ੂ ਸਿਹਤ ਸੰਭਾਲ ਲਈ ਵੱਡਾ ਕਦਮ: 625 ਵੈਟਰਨਰੀ ਅਫ਼ਸਰ ਕੀਤੇ ਭਰਤੀ: ਗੁਰਮੀਤ ਸਿੰਘ ਖੁੱਡੀਆਂ



ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਸ਼ੂ ਸਿਹਤ ਸੰਭਾਲ ਅਤੇ ਪੇਂਡੂ ਆਰਥਿਕਤਾ ਦੇ ਧੁਰੇ ਨੂੰ ਮਜ਼ਬੂਤ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਤਹਿਤ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਤਿੰਨ ਨਵੇਂ ਭਰਤੀ ਹੋਏ ਵੈਟਰਨਰੀ ਅਫ਼ਸਰਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭਰਤੀ ਕੀਤੇ ਗਏ ਵੈਟਰਨਰੀ ਅਫ਼ਸਰਾਂ ਦੀ ਕੁੱਲ ਗਿਣਤੀ 625 ਹੋ ਗਈ ਹੈ।

ਸੂਬਾ ਸਰਕਾਰ ਵੱਲੋਂ ਪੇਂਡੂ ਆਰਥਿਕਤਾ ਨੂੰ ਦਿੱਤੀ ਜਾ ਰਹੀ ਤਰਜੀਹ ਦਾ ਜ਼ਿਕਰ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਵਿਭਾਗ ਨੇ ਪਿਛਲੇ ਚਾਰ ਸਾਲਾਂ ਦੌਰਾਨ ਵੱਡੀ ਅਤੇ ਬਹੁ-ਪੱਧਰੀ ਭਰਤੀ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿ ?ਆ ਹੈ। 625 ਵੈਟਰਨਰੀ ਅਫ਼ਸਰਾਂ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਵਿੱਚ 579 ਵੈਟਰਨਰੀ ਇੰਸਪੈਕਟਰਾਂ ਦੀ ਭਰਤੀ ਕਰ ਕੇ ਸੂਬੇ ਭਰ ਵਿੱਚ ਪਸ਼ੂ ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵਿਭਾਗ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਕਈ ਅਹਿਮ ਪ੍ਰਸ਼ਾਸਕੀ, ਤਕਨੀਕੀ ਅਤੇ ਸਹਾਇਕ ਅਹੁਦਿਆਂ 'ਤੇ ਵੀ ਭਰਤੀ ਕੀਤੀ ਗਈ ਹੈ। ਸੂਬੇ ਨੇ ਮੁੱਖ ਦਫ਼ਤਰ ਵਿੱਚ ਕਲਰਕਾਂ ਦੀਆਂ 17 ਅਸਾਮੀਆਂ, 2 ਮਿਲਕ ਰਿਕਾਰਡਰ, 7 ਲੈਬ ਸਹਾਇਕ, 7 ਕੰਪਿਊਟਰ/ਇੰਨੂਮੀਰੇਟਰ /ਪੰਚਰ, 1 ਮਸ਼ੀਨ ਆਪਰੇਟਰ, 1 ਇਨਕਿਊਬੇਟਰ ਆਪਰੇਟਰ, 2 ਲੀਗਲ ਕਲਰਕ ਅਤੇ 8 ਸਟੈਨੋਟਾਈਪਿਸਟਾਂ ਵੀ ਭਰਤੀ ਕੀਤੇ ਹਨ।

ਨਵੇਂ ਭਰਤੀ ਹੋਏ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਸ. ਖੁੱਡੀਆਂ ਨੇ ਉਨ੍ਹਾਂ ਨੂੰ ਕਿਸਾਨਾਂ ਨੂੰ ਪੂਰੀ ਲਗਨ, ਪੇਸ਼ੇਵਰਨਾ ਢੰਗ ਅਤੇ ਸੁਹਿਰਦਤਾ ਨਾਲ ਸੇਵਾ ਦੇਣ ਲਈ ਕਿਹਾ। ਉਨ੍ਹਾਂ ਨੇ ਸਾਰੀਆਂ ਖਾਲੀ ਅਸਾਮੀਆਂ ਭਰਨ ਲਈ ਮਾਨ ਸਰਕਾਰ ਦੀ ਵਚਨਬੱਧਤਾ ਦੁਹਰਾਈ ਤਾਂ ਜੋ ਪੰਜਾਬ ਦਾ ਕੋਈ ਵੀ ਕਿਸਾਨ ਸਮੇਂ ਸਿਰ ਪਸ਼ੂ ਡਾਕਟਰੀ ਸਹੂਲਤਾਂ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਕਿਹਾ, "ਪਸ਼ੂ ਧਨ ਪੰਜਾਬ ਦੀ ਪੇਂਡੂ ਖੁਸ਼ਹਾਲੀ ਦੀ ਰੀੜ੍ਹ ਦੀ ਹੱਡੀ ਹੈ। ਸੈਂਕੜੇ ਵੈਟਰਨਰੀ ਅਫ਼ਸਰਾਂ ਅਤੇ ਇੰਸਪੈਕਟਰਾਂ ਦੇ ਨਾਲ-ਨਾਲ ਅਹਿਮ ਪ੍ਰਸ਼ਾਸਕੀ ਅਮਲੇ ਦੀ ਭਰਤੀ ਕਰਕੇ ਅਸੀਂ ਜ਼ਮੀਨੀ ਪੱਧਰ ਤੱਕ ਮਜ਼ਬੂਤ ਵਿਭਾਗੀ ਨੈੱਟਵਰਕ ਤਿਆਰ ਕਰ ਰਹੇ ਹਾਂ।"

ਉਨ੍ਹਾਂ ਕਿਹਾ ਕਿ ਇਸ ਵੱਡੀ ਸ਼ਮੂਲੀਅਤ ਨਾਲ ਪਸ਼ੂਆਂ ਵਾਸਤੇ ਡਾਕਟਰੀ ਸੇਵਾਵਾਂ ਹੋਰ ਮਜ਼ਬੂਤ ਹੋਣਗੀਆਂ, ਡੇਅਰੀ ਉਤਪਾਦਕਤਾ ਨੂੰ ਹੁਲਾਰਾ ਮਿਲੇਗਾ ਅਤੇ ਕਿਸਾਨ ਭਾਈਚਾਰੇ ਨੂੰ ਸਿੱਧਾ ਸਹਿਯੋਗ ਮਿਲੇਗਾ।

ਇਸ ਮੌਕੇ ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਪਰਮਦੀਪ ਸਿੰਘ ਵਾਲੀਆ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਕਾਲਜ ਵਿਦਿਆਰਥੀਆਂ ਨੂੰ ਵੋਟ ਬਣਵਾਉਣ ਅਤੇ ਮਤਦਾਨ ਕਰਨ ਲਈ ਕੀਤਾ ਜਾਗਰੂਕ



ਸੁਨਾਮ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਚੋਣ ਅਫ਼ਸਰ ਦੀਆਂ ਹਦਾਇਤਾਂ ਤਹਿਤ ਸੁਨਾਮ ਦੇ ਐੱਸ.ਯੂ.ਐੱਸ. ਕਾਲਜ ਵਿਖੇ ਅੱਜ ਸਵੀਪ ਗਤੀਵਿਧੀਆਂ ਅਧੀਨ ਵਿਦਿਆਰਥੀਆਂ ਲਈ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਯੋਗ ਹੋਣ 'ਤੇ ਆਪਣੀ ਵੋਟ ਬਣਵਾਉਣ ਅਤੇ ਚੋਣਾਂ ਸਮੇਂ ਆਪਣੇ ਮਤਦਾਨ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅੰਕੁਰ ਮਹਿੰਦਰੂ ਨੇ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਲੋਕਤੰਤਰੀ ਪ੍ਰਕਿਰਿਆ ਨੂੰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ, ਜਿਹੜੇ ਵਿਦਿਆਰਥੀ ਵੋਟਰ ਬਣਨ ਲਈ ਯੋਗ ਹਨ, ਉਹ ਆਪਣੀ ਵੋਟ ਬਣਵਾਉਣ ਨੂੰ ਤਰਜੀਹ ਦੇਣ। ਵੋਟਰ ਸੂਚੀ ਵਿੱਚ ਨਾਮ ਦਰਜ ਹੋਣ ਤੋਂ ਬਾਅਦ ਚੋਣਾਂ ਵਿੱਚ ਮਤਦਾਨ ਕਰਨਾ ਵੀ ਓਨਾ ਹੀ ਜ਼ਰੂਰੀ ਹੈ।

ਅੰਕੁਰ ਮਹਿੰਦਰੂ ਨੇ ਕਿਹਾ ਕਿ ਸਵੀਪ ਮੁਹਿੰਮ ਦਾ ਉਦੇਸ਼ ਨੌਜਵਾਨਾਂ ਵਿੱਚ ਵੋਟ ਦੇ ਅਧਿਕਾਰ ਅਤੇ ਜ਼ਿੰਮੇਵਾਰੀ ਬਾਰੇ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟਰ ਸੂਚੀ ਵਿੱਚ ਆਪਣੇ ਵੇਰਵੇ ਜਾਂਚਣ ਅਤੇ ਮਤਦਾਨ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨਾਲ ਵੋਟਰ ਰਜਿਸਟ੍ਰੇਸ਼ਨ ਅਤੇ ਮਤਦਾਨ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਹਰ ਯੋਗ ਨਾਗਰਿਕ ਦੀ ਵੋਟ ਲੋਕਤੰਤਰ ਵਿੱਚ ਆਪਣੀ ਆਵਾਜ਼ ਦਰਜ ਕਰਵਾਉਣ ਦਾ ਸਾਧਨ ਹੈ। ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਜਾਗਰੂਕਤਾ ਗਤੀਵਿਧੀ ਵਿੱਚ ਭਾਗ ਲਿਆ।

ਖੇਡਾਂ ਵਤਨ ਪੰਜਾਬ ਦੀਆਂ 2026- ਪਟਿਆਲਾ ਵਿਖੇ ਰਾਜ ਪੱਧਰੀ ਲਾਅਨ ਟੈਨਿਸ ਅਤੇ ਵਾਲੀਬਾਲ ਸਮੈਸ਼ਿੰਗ ਵਿੱਚ ਖੇਡਾਂ ਕਰਵਾਈਆਂ ਗਈਆਂ



ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਖੇਡਾਂ ਵਤਨ ਪੰਜਾਬ ਦੀਆਂ 2026 ਸਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹ ਮੁਕਾਬਲੇ ਵੱਖ-ਵੱਖ ਉਮਰ ਵਰਗਾਂ ਵਿੱਚ ਕਰਵਾਏ ਜਾ ਰਹੇ ਹਨ, ਜਿਹਨਾਂ ਵਿੱਚ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਤੋਂ ਖਿਡਾਰੀ ਉਤਸ਼ਾਹ ਨਾਲ ਭਾਗ ਲੈ ਰਹੇ ਹਨ।

ਉਹਨਾਂ ਦੱਸਿਆ ਕਿ ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕਿਆਂ ਵਿੱਚ ਐਸ.ਏ.ਐਸ. ਨਗਰ ਦੀ ਟੀਮ ਨੇ ਪਹਿਲਾ ਸਥਾਨ, ਹੁਸ਼ਿਆਰਪੁਰ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਦੀ ਟੀਮ ਨੇ ਤੀਸਰਾ ਸਥਾਨ ਅਤੇ ਬਰਨਾਲਾ ਦੀ ਟੀਮ ਨੇ ਚੌਥਾ ਸਥਾਨ ਹਾਸਲ ਕੀਤਾ। ਉਮਰ ਵਰਗ 21-30 ਵਿੱਚ ਫਰੀਦਕੋਟ ਦੀ ਟੀਮ ਨੇ ਬਠਿੰਡਾ ਦੀ ਟੀਮ ਨੂੰ 2-1 ਨਾਲ, ਜਲੰਧਰ ਦੀ ਟੀਮ ਨੇ ਮੋਗਾ ਦੀ ਟੀਮ ਨੂੰ ਅਤੇ ਐਸ.ਏ.ਐਸ. ਨਗਰ ਦੀ ਟੀਮ ਨੇ ਬਰਨਾਲਾ ਦੀ ਟੀਮ ਨੂੰ 2-0 ਨਾਲ ਹਰਾ ਕਾ ਜਿੱਤ ਪ੍ਰਾਪਤ ਕੀਤੀ।

ਇਸੇ ਤਰ੍ਹਾਂ ਅੰਡਰ-17 ਲੜਕਿਆਂ ਵਿੱਚ ਲੁਧਿਆਣਾ ਦੀ ਟੀਮ ਨੇ ਪਹਿਲਾ ਸਥਾਨ,

'ਮੇਰੀ ਰਸੋਈ' ਯੋਜਨਾ ਅਧੀਨ ਦੂਜੀ ਤਿਮਾਹੀ ਦੌਰਾਨ ਹੁਣ ਤੱਕ 3.89 ਲੱਖ ਕਿੱਟਾਂ ਦੀ ਵੰਡ ਨਾਲ ਲੁਧਿਆਣਾ ਮੋਹਰੀ

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲੋੜਵੰਦ ਪਰਿਵਾਰਾਂ ਦੀ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੇ ਆਪਣੀ ਪ੍ਰਮੁੱਖ ਯੋਜਨਾ 'ਮੇਰੀ ਰਸੋਈ' ਅਧੀਨ ਰਾਸ਼ਨ ਕਿੱਟਾਂ ਦੀ ਵੰਡ ਨੂੰ ਹੋਰ ਤੇਜ਼ ਕਰ ਦਿੱਤਾ ਹੈ।

ਹੁਣ ਤੱਕ ਦੀ ਵੰਡ ਵਿੱਚ ਲੁਧਿਆਣਾ 3,89,198 ਕਿੱਟਾਂ ਦੀ ਵੰਡ ਨਾਲ ਸਭ ਤੋਂ ਅੱਗੇ ਹੈ, ਜਦੋਂਕਿ 2,41,449 ਕਿੱਟਾਂ ਦੀ ਵੰਡ ਨਾਲ ਪਟਿਆਲਾ ਦੂਜੇ ਅਤੇ 2,01,095 ਕਿੱਟਾਂ ਦੀ ਵੰਡ ਨਾਲ ਅੰਮ੍ਰਿਤਸਰ ਤੀਜੇ ਸਥਾਨ 'ਤੇ ਹੈ।

ਇਸ ਪਹਿਲਕਦਮੀ ਤਹਿਤ ਦੂਜੀ ਤਿਮਾਹੀ ਦੌਰਾਨ ਹੁਣ ਤੱਕ 31.57 ਲੱਖ ਤੋਂ ਵੱਧ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਜਾ ਚੁੱਕੀ ਹੈ। ਇਸ ਮੁਹਿੰਮ ਦਾ ਟੀਚਾ ਹਰ ਤਿਮਾਹੀ ਭਾਵ 3 ਮਹੀਨਿਆਂ ਬਾਅਦ ਪੰਜਾਬ ਭਰ ਦੇ ਕੁੱਲ 40 ਲੱਖ ਯੋਗ ਪਰਿਵਾਰਾਂ ਨੂੰ ਕਵਰ ਕਰਨਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਇਸ ਪ੍ਰਮੁੱਖ ਯੋਜਨਾ ਤਹਿਤ ਰਾਸ਼ਟ ਕਿੱਟਾਂ ਦੀ ਵੰਡ ਦਾ ਕੰਮ ਮਿਸ਼ਨ ਮੋਡ 'ਤੇ ਚੱਲ ਰਿਹਾ ਹੈ।

ਜ਼ਿਕਰਯੋਗ ਹੈ ਕਿ ਇਸ ਯੋਜਨਾ ਤਹਿਤ ਹਰੇਕ ਪਰਿਵਾਰ ਨੂੰ ਇੱਕ ਰਾਸ਼ਨ ਕਿੱਟ ਦਿੱਤੀ ਜਾਂਦੀ ਹੈ, ਜਿਸਨੂੰ ਇੱਕ ਪਰਿਵਾਰ ਦੀਆਂ ਖੁਰਾਕੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਬੜੇ ਸੁਚੱਜੇ ਢੰਗ ਨਾਲ ਤਿਆਰ ਕੀਤਾ ਗਿਆ ਹੈ। ਮਹੀਨਾਵਾਰ ਖਪਤ ਲਈ ਇਸ ਕਿੱਟ ਵਿੱਚ ਦੋ ਕਿਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਹੈ। ਇਹ ਫੂਡ ਕਿੱਟਾਂ ਕੌਮੀ ਖੁਰਾਕ ਸੁਰੱਖਿਆ ਐਕਟ, 2013 (ਐੱਨ.ਐੱਫ.ਐੱਸ.ਏ.) ਤਹਿਤ ਯੋਗ ਲਾਭਪਾਤਰੀਆਂ ਨੂੰ ਪਹਿਲਾਂ ਹੀ ਦਿੱਤੀ ਜਾ ਰਹੀ ਕਣਕ ਤੋਂ ਇਲਾਵਾ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਇਹ ਰਾਸ਼ਨ ਕਿੱਟਾਂ ਮਾਰਕਫੈੱਡ ਵੱਲੋਂ ਤਿਆਰ ਕੀਤੀਆਂ ਜਾ ਰਹੀਆਂ ਹਨ, ਜਦੋਂਕਿ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਸੂਬੇ ਭਰ ਵਿੱਚ ਵੰਡ ਪ੍ਰਕਿਰਿਆ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਹੁਣ ਤੱਕ ਵੰਡੀਆਂ ਗਈਆਂ 31 ਲੱਖ ਤੋਂ ਵੱਧ ਰਾਸ਼ਨ ਕਿੱਟਾਂ ਦੀ ਵੰਡ ਨਾਲ ਪਹਿਲੇ ਤਿੰਨ ਜ਼ਿਲ੍ਹਿਆਂ ਤੋਂ ਇਲਾਵਾ 1,94,690 ਕਿੱਟਾਂ ਦੀ ਵੰਡ ਨਾਲ ਬਠਿੰਡਾ ਚੌਥੇ ਅਤੇ 1,70,810 ਕਿੱਟਾਂ ਦੀ ਵੰਡ ਨਾਲ ਹੁਸ਼ਿਆਰਪੁਰ ਪੰਜਵੇਂ ਸਥਾਨ 'ਤੇ ਹੈ।

ਇਸ ਸਕੀਮ ਦਾ ਮੁੱਖ ਉਦੇਸ਼ ਮੁੱਖ ਕਣਕ ਦੇ ਨਾਲ-ਨਾਲ ਜ਼ਰੂਰੀ ਪ੍ਰੋਟੀਨ, ਖਾਣਾ ਪਕਾਉਣ ਵਾਲਾ ਤੇਲ ਅਤੇ ਮਸਾਲੇ ਮੁਹੱਈਆ ਕਰਵਾਉਣਾ ਹੈ, ਤਾਂ ਜੋ ਯੋਜਨਾ ਅਧੀਨ ਆਉਂਦੇ ਪਰਿਵਾਰਾਂ ਦੀ ਸਮੁੱਚੀ ਪੌਸ਼ਟਿਕ ਖੁਰਾਕ ਵਿੱਚ ਸੁਧਾਰ ਲਿਆਂਦਾ ਜਾ ਸਕੇ।

ਪਾਰਦਰਸ਼ਿਤਾ ਨੂੰ ਯਕੀਨੀ ਬਣਾਉਣ, ਡੁਪਲੀਕੇਸੀ ਨੂੰ ਰੋਕਣ ਅਤੇ ਹੇਠਲੇ ਪੱਧਰ ਤੱਕ ਰਾਸ਼ਨ ਪਹੁੰਚਾਉਣ ਦੀ ਗਾਰੰਟੀ ਲਈ ਵੰਡ ਪ੍ਰਕਿਰਿਆ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਇਸ ਨਿਵੇਕਲੀ ਪਹਿਲਕਦਮੀ ਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਅਤੇ ਸਥਾਨਕ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰ ਰਹੇ ਹਨ।

ਇਹ ਯੋਜਨਾ ਸੂਬਾ ਸਰਕਾਰ ਦੀ ਇਸ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ ਕਿ ਕੋਈ ਵੀ ਯੋਗ ਪਰਿਵਾਰ ਖੁਰਾਕ ਸੁਰੱਖਿਆ ਤੋਂ ਵਾਂਝਾ ਨਾ ਰਹੇ। ਐੱਨ.ਐੱਫ.ਐੱਸ.ਏ. ਅਧੀਨ ਪਹਿਲਾਂ ਹੀ ਦਿੱਤੀ ਜਾ ਰਹੀ ਕਣਕ ਦੇ ਨਾਲ ਇਨ੍ਹਾਂ ਰਾਸ਼ਨ ਕਿੱਟਾਂ ਨੂੰ ਸ਼ਾਮਿਲ ਕਰਕੇ ਭੁੱਖਮਰੀ ਅਤੇ ਕੁਪੋਸ਼ਣ ਦੋਵਾਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਰਿਹਾ ਹੈ।

ਟਰਾਈਸਿਟੀ ਸੀਨੀਅਰ ਸਿਟੀਜ਼ਨ ਦੀ ਮਹੀਨਾਵਾਰ ਮੀਟਿੰਗ ਹੋਈ



ਚੰਡੀਗੜ੍ਹ, 19 ਨਵੰਬਰ
-ਸੰਜੀਵ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਟ੍ਰਾਈਸਿਟੀ ਸੀਨੀਅਰ ਸਿਟੀਜ਼ਨ ਦੀ ਮਹੀਨਾਵਾਰੀ ਮੀਟਿੰਗ ਸੈਕਟਰ 33 ਕਮਿਊਨਿਟੀ ਸੈਂਟਰ ਵਿਖੇ ਹੋਈ। ਮੀਟਿੰਗ ਦੀ ਸ਼ੁਰੂਆਤ ਸ੍ਰੀਮਤੀ ਰਾਜਿੰਦਰ ਕੌਰ ਸਹਿਦੇਵ (ਨਿੰਮੀ ਜੀ) ਵੱਲੋਂ ਕੀਤੀ ਗਈ। ਉਪਰੰਤ ਨੱਚਣ-ਟੱਪਣ ਅਤੇ ਗਾਣਿਆਂ ਦੀ ਸ਼ੁਰੂਆਤ ਹੋਈ, ਨਾਲ ਹੀ ਆਏ ਹੋਏ ਸਾਰੇ ਮੈਂਬਰ ਸਾਹਿਬਾਨ ਨੂੰ ਚਾਹ, ਪਾਣੀ ਅਤੇ ਸਨੈਕਸ ਦਿੱਤੇ ਗਏ। ਕਾਫ਼ੀ ਮੈਂਬਰ ਸਾਹਿਬਾਨ ਨੇ ਤੰਬੋਲਾ ਗੇਮ ਵਿੱਚ ਹਿੱਸਾ ਲਿਆ ਸ:ਡੀ ਪੀ ਸਿੰਘ ਸਾਬਕਾ ਸੀਈਓ ਤਖ਼ਤ ਸਚਖੰਡ ਸ੍ਰੀ ਹਜ਼ੂਰ ਸਾਹਿਬ ਸਾਬਕਾ ਡੀ.ਜੀ.ਐਮ., ਪੰਜਾਬ ਐਂਡ ਸਿੰਧ ਬੈਂਕ ਅਤੇ ਇੰਚਾਰਜ, ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਵਲੋਂ ਆਏ ਹੋਏ ਸੱਜਣਾਂ ਨੂੰ ਜੀ ਆਇਆਂ ਕਹਿੰਦੇ ਹੋਏ ਤੇਰਾ ਹੀ ਤੇਰਾ ਮਿਸ਼ਨ ਵੱਲੋਂ ਚੱਲ ਰਹੇ ਪ੍ਰੋਜੈਕਟਾਂ ਬਾਰੇ ਚਾਨਣਾ ਪਾਇਆ ਗਿਆ। ਇਹ ਵੀ ਦੱਸਿਆ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਆ ਰਹੇ ਗੁਰਪੁਰਬ (24-11-26) ਨੂੰ ਸਮਰਪਿਤ ਤੇਰਾ ਹੀ ਤੇਰਾ ਮੈਡੀਕੋਜ਼ ਵੱਲੋਂ ਸਪੈਸ਼ਲ ਡਿਸਕਾਊਂਟ ਦਿੱਤਾ ਜਾਵੇਗਾ ਅਤੇ ਤੇਰਾ ਹੀ ਤੇਰਾ ਐਥੀਕਲ ਲੈਬ ਵੱਲੋਂ ਵੀ ਸਪੈਸ਼ਲ ਕੇਸ ਨਾਲ ਇੱਕ ਫ੍ਰੀ ਪੈਕੇਜ ਦਿੱਤਾ ਜਾਵੇਗਾ। ਨਜ਼ਰ ਲਈ ਸਮਾਰਟ ਗਲਾਸ (ਲਗਭਗ ਕੀਮਤ ?35,000- ?40,000) 20-11-26 ਨੂੰ ਮੁਫ਼ਤ ਵੰਡੀਆਂ ਜਾਣਗੀਆਂ ਬਾਰੇ ਵੀ ਦੱਸਿਆ ਗਿਆ। ਗੁਰਪੁਰਬ ਵਾਸਤੇ ਇੱਕ ਸ਼ਬਦ ਵੀ ਰਿਕਾਰਡ ਕੀਤਾ ਗਿਆ

?ਜਿਨ੍ਹਾਂ ਸੱਜਣਾਂ ਦੇ ਜਨਮਦਿਨ ਨਵੰਬਰ 2026 ਦੇ ਹਨ, ਉਨ੍ਹਾਂ ਤੋਂ ਕੇਕ ਕਟਵਾ ਕੇ, ਮੋਤੀਆਂ ਦੀ ਮਾਲਾ ਪਾ ਕੇ ਗਿਫ਼ਟ ਦਿੱਤੇ ਗਏ। ਉਪਰੰਤ ਧੰਨਵਾਦ ਕਰਕੇ ਸਾਰਿਆਂ ਨੂੰ ਲੰਚ ਕਰਵਾਇਆ ਗਿਆ ਅਤੇ ਸਮਾਗਮ ਦੀ ਸਮਾਪਤੀ ਹੋਈ। ਇਸ ਪ੍ਰੋਗਰਾਮ ਵਿੱਚ ਜੇਠੀ ਜੀ, ਸ੍ਰੀ ਰਵਿੰਦਰ ਨਾਥ ਜੀ, ਸ੍ਰੀਮਤੀ ਪ੍ਰਿਤਪਾਲ ਕੌਰ, ਮਿਨੋਚਾ ਜੀ, ਮਾਵੀ ਜੀ , ਮਲਹੋਤਰਾ ਜੀ ਅਤੇ ਹੋਰ ਗਵਰਨਿੰਗ ਬਾਡੀ ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਮਲਹੋਤਰਾ ਜੀ ਨੇ ਰਜਿਸਟ੍ਰੇਸ਼ਨ ਦੀ ਸੇਵਾ ਨਿਭਾਈ।

ਡਿਜ਼ੀਟਲ ਇਨੋਵੇਸ਼ਨ ਟੈਕ ਫੇਅਰ 2026 ਦਾ ਸ.ਫਲ ਆਯੋਜਨ

➢ ਸਿੱਖਿਆ ਵਿਭਾਗ ਦੇ ਮਿਸ਼ਨ ਰਫਤਾਰ ਤਹਿਤ ਕਰਵਾਇਆ ਟੈਕ ਫੇਅਰ ➢ 33 ਸਕੂਲਾਂ ਦੇ ਵਿਦਿਆਰਥੀਆਂ ਨੇ ਦਿਖਾਈ ਤਕਨੀਕੀ ਪ੍ਰਤਿਭਾ ➢ ਸਨੌਰ ਸਕੂਲ ਨੇ ਪਹਿਲਾ, ਮਲਟੀਪਰਪਜ਼ ਸਕੂਲ ਨੇ ਦੂਜਾ ਅਤੇ ਡਕਾਲਾ ਸਕੂਲ ਨੇ ਤੀਜਾ ਸਥਾਨ ਕੀਤਾ ਹਾਸਲ



ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਸਿੱਖਿਆ ਦੇ ਖੇਤਰ ਵਿੱਚ ਤਕਨਾਲੋਜੀ ਅਤੇ ਨਵੀਆਂ ਕਾਢਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਮਿਸ਼ਨ ਰਫ਼ਤਾਰ ਅਧੀਨ ਜ਼ਿਲ੍ਹਾ ਪਟਿਆਲਾ ਵਿੱਚ ਪਹਿਲੀ ਵਾਰ ਡਿਜੀਟਲ ਇਨੋਵੇਸ਼ਨ ਟੈਕ ਫੇਅਰ 2026 ਦਾ ਆਯੋਜਨ ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲਜੀ ਪਟਿਆਲਾ ਵਿਖੇ ਕੀਤਾ ਗਿਆ। ਇਸ ਮੇਲੇ ਵਿੱਚ ਜ਼ਿਲ੍ਹੇ ਦੇ 33 ਸਕੂਲਾਂ ਦੇ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੇ ਟੈਕਨੀਕਲ ਇਨੋਵੇਸ਼ਨ ਮਾਡਲ ਅਤੇ ਪ੍ਰੋਜੈਕਟਾਂ ਦਾ ਪ੍ਰਦਰਸ਼ਨ ਕੀਤਾ।

ਇਸ ਮੇਲੇ ਦੌਰਾਨ ਵਿਦਿਆਰਥੀਆਂ ਨੇ ਰੋਬੋਟਿਕਸ, ਏਆਈ, ਕੰਪਿਊਟਰ ਪ੍ਰੋਗਰਾਮਿੰਗ, ਕਲਾਊਡ ਤਕਨਾਲੋਜੀ, ਆਈਓਟੀ, ਇਨੋਵੇਸ਼ਨ ਅਤੇ ਪ੍ਰੋਬਲਮ ਸੋਲਵਿੰਗ ਅਤੇ ਈਕੋ ਫਰੈਂਡਲੀ ਵਿਸ਼ਿਆਂ 'ਤੇ ਆਧਾਰਿਤ ਮਾਡਲ ਪੇਸ਼ ਕੀਤੇ।

ਸਮਾਗਮ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.) ਪਟਿਆਲਾ ਮਮਤਾ ਖੁਰਾਨਾ ਸੇਠੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ। ਉਨ੍ਹਾਂ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੇਲੇ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ, ਸਮੱਸਿਆਵਾਂ ਦੇ ਹੱਲ ਲੱਭਣ ਦੀ ਸਮਰੱਥਾ ਅਤੇ ਨਵੀਂ ਤਕਨਾਲੋਜੀ ਪ੍ਰਤੀ ਰੁਚੀ ਪੈਦਾ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਹੋਣ ਵਾਲੇ ਵੱਖ-ਵੱਖ ਮੁਕਾਬਲਿਆਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡੀਆਰਪੀ ਰਣਦੀਪ ਸਿੰਘ ਤੇ ਡੀਐਨਓ ਦਲਬੀਰ ਸਿੰਘ ਨੇ ਦੱਸਿਆ ਕਿ ਸਰਕਾਰੀ ਸਕੂਲ਼ ਵਿੱਚ ਏਆਈ ਸਬੰਧੀ ਕੋਰਸ ਦੀ ਸ਼ੁਰੂਆਤ ਮਿਸ਼ਨ ਰਫਤਾਰ ਵਿੱਚ ਕੀਤੀ ਗਈ, ਜੋ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਤਕਨੀਕੀ ਲੋੜਾਂ ਅਨੁਸਾਰ ਤਿਆਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਸ ਲੜੀ ਵਿਚ ਹੀ ਇਹ ਟੈਕ ਫੇਅਰ ਕਰਵਾਇਆ ਜਾ ਰਿਹਾ ਹੈ।

ਮੁਕਾਬਲੇ ਦੇ ਨਤੀਜਿਆਂ ਅਨੁਸਾਰ ਪੀ ਐਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਨੌਰ (ਲੜਕੇ) ਨੇ ਪਹਿਲਾ ਸਥਾਨ, ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਟੀਪਰਪਜ (ਲੜਕੇ) ਨੇ ਦੂਜਾ ਸਥਾਨ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡਕਾਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਹਰਪ੍ਰੀਤ ਸਿੰਘ ਪ੍ਰਿੰਸੀਪਲ, ਡਾ. ਜਸਵਿੰਦਰ ਸਿੰਘ ਨੈਸ਼ਨਲ ਐਵਾਰਡੀ, ਅੰਸ਼ੁਲ ਮਿੱਤਲ ਪ੍ਰੋਜੈਕਟ ਕੋਆਰਡੀਨੇਟਰ ਆਈਸੀਟੀ, ਮੁਕਲ ਮਿੱਤਲ ਲੈਕਚਰਾਰ, ਅਜੈ ਪਾਲ ਸਿੰਘ ਲੈਕਚਰਾਰ, ਤੇਜਿੰਦਰ ਸਿੰਘ ਕੰਪਿਊਟਰ ਟੀਚਰ, ਹਰਜੀਤ ਵਾਲੀਆ, ਹਰਮਨਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਅਮਨਦੀਪ ਵਾਲੀਆ, ਨੀਤੂ, ਪੂਨਮ, ਹਰਮਨ ਸੀਮਾ ਬਾਂਸਲ, ਰਮਨਪ੍ਰੀਤ ਕੌਰ, ਸਵਾਤੀ , ਹਨੀ ਗਰਗ, ਮਾਨਵਜੀਤ ਸਿੰਘ, ਪਰਮਵੀਰ ਸਿੰਘ , ਬਲਵਿੰਦਰ ਸਿੰਘ ਬੱਲੀ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਅਤੇ ਤਕਨੀਕੀ ਮਾਹਿਰ ਹਾਜਰ ਸਨ।

ਸਿਵਿਲ ਡਿਫੈਂਸ ਵੱਲੋਂ 27 ਨਵੰਬਰ ਰਾਤ 8 ਵਜੇ ਪਟਿਆਲਾ ਵਿਚ ਕਾਰਵਾਈ ਜਾਵੇਗੀ ਮੌਕ ਡਰਿੱਲ



ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਜ਼ਿਲ੍ਹਾ ਮਾਲ ਅਫਸਰ ਸ਼੍ਰੀ ਕਰਮਜੋਤ ਸਿੰਘ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਿਵਲ ਡਿਫੈਂਸ ਵਿਭਾਗ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਇਕ ਸਰਗਰਮ ਕਦਮ ਵਜੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਵਿਚ ਸਿਵਿਲ ਡਿਫੈਂਸ ਅਤੇ ਪੰਜਾਬ ਹੋਮ ਗਾਰਡਜ ਵਿਭਾਗ ਵੱਲੋਂ 27 ਨਵੰਬਰ ਦੀ ਰਾਤ 8 ਵਜੇ ਪਟਿਆਲਾ ਵਿਖੇ ਏਅਰ ਰੇਡ ਵਾਰਨਿੰਗ ਦੌਰਾਨ /ਬਲੈਕਆਊਟ ਕਰਨ ਦੀ ਮੌਕ ਐਕਸਰਸਾਈਜ਼ ਕਰਵਾਈ ਜਾ ਰਹੀ ਹੈ। ਓਹਨਾ ਦਸਿਆ ਕਿ ਇਹ ਮੌਕ ਐਕਸਰਸਾਈਜ਼ ਏਅਰ ਰੇਡ ਚੇਤਾਵਨੀ ਸਾਇਰਨ ਵੱਜਣ ਦੇ ਨਾਲ ਸ਼ੁਰੂ ਹੋਵੇਗੀ ਇਹ ਸਾਇਰਨ 02 ਮਿੰਟ ਲਗਾਤਾਰ ਉੱਚੀ ਪਿੱਚ ਤੇ ਵਜਾਇਆ ਜਾਵੇਗੀ। ਇਸ ਮੌਕ ਐਕਸਰਸਾਈਜ਼ ਦੌਰਾਨ ਡਿਪਟੀ ਕਮਿਸ਼ਨਰ-ਕਮ-ਕੰਟਰੋਲਰ, ਸਿਵਲ ਡਿਫੈਂਸ ਦੁਆਰਾ ਮੌਕ ਐਕਸਰਸਾਈਜ਼ ਲਈ ਨਿਰਧਾਰਤ ਖੇਤਰ 'ਚ ਬਲੈਕਆਊਟ ਲਾਗੂ ਕੀਤਾ ਜਾਵੇਗਾ। ਬਲੈਕਆਊਟ ਦੌਰਾਨ ਖੇਤਰ ਦੇ ਆਮ ਲੋਕਾਂ ਦੁਆਰਾ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਨੂੰ ਬੰਦ ਰੱਖੀਆਂ ਜਾਵੇ। ਉਹਨਾ ਜਨਤਾ ਨੂੰ ਅਪੀਲ ਕੀਤੀ ਕਿ 8 ਵਜੇ ਆਪਣੇ ਘਰ ਕੇ ਸਿਕਉਰਟਿ ਕੈਮਰੇ ਅਤੇ ਇੰਨਵਰਟਰ 10 ਮਿੰਟ ਲਈ ਬੰਦ ਰੱਖਣ। ਓਹਨਾ ਇਹ ਵੀ ਕਿਹਾ ਕਿ ਬਲੈਕਆਊਟ ਦੌਰਾਨ ਜ਼ਰੂਰੀ ਸੇਵਾਵਾਂ ਚਾਲੂ ਰਹਿਣਗੀਆਂ। ਇੱਕ ਵਾਰ ਮੌਕ ਐਕਸਰਸਾਈਜ਼ ਪੂਰੀ ਹੋਣ ਤੋਂ ਬਾਅਦ, ਸਭ ਠੀਕ ਹੈ ਸਿਗਨਲ ਵਜਾਇਆ ਜਾਵੇਗਾ ਇਹ ਸਾਇਰਨ 02 ਮਿੰਟ ਲਈ ਲਗਾਤਾਰ ਉੱਚੀ ਅਤੇ ਨੀਵੀ ਪਿੱਚ ਨਾਲ ਵਜਾਇਆ ਜਾਵੇਗਾ, ਜੋ ਕਿ ਮੌਕ ਐਕਸਰਸਾਈਜ਼ ਦੇ ਸਮਾਪਤ ਹੋਣ ਦਾ ਸੰਕੇਤ ਹੋਵੇਗਾ। ਸਿਵਿਲ ਡਿਫੈਂਸ ਦੇ ਅਡਿਸ਼ਨਲ ਕੰਟਰੋਲਰ ਸ੍ਰੀ ਗਗਨਪ੍ਰੀਤ ਸਿੰਘ ਢਿੱਲੋ ਅਤੇ ਚੀਫ ਵਾਰਡਨ ਕੇ ਐਸ ਸੇਖੋਂ ਨੇ ਦਸਿਆ ਕਿ ਇਸ ਮੌਕ ਐਕਸਰਸਾਈਜ਼ ਦੌਰਾਨ ਫਾਇਰ ਰਿਸਪਾਂਸ ਆਪ੍ਰੇਸ਼ਨ, ਸਰਚ ਐਂਡ ਰੈਸਕਿਊ ਆਪ੍ਰੇਸ਼ਨ, ਫਸਟ-ਏਡ ਅਤੇ ਮੈਡੀਕਲ ਸਹਾਇਤਾ, ਜ਼ਖਮੀ ਵਿਅਕਤੀਆਂ ਨੂੰ ਬਾਹਰ ਕੱਢਣ, ਟ੍ਰੈਫਿਕ ਅਤੇ ਭੀੜ ਕੰਟਰੋਲ ਦੇ ਉਪਾਵਾਂ ਦਾ ਅਭਿਆਸ ਕੀਤਾ ਜਾਵੇਗਾ। ਜ਼ਿਲ੍ਹਾ ਮਾਲ ਅਫਸਰ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ ਕਿਉਂਕਿ ਇਹ ਪੂਰੇ ਦੇਸ਼ ਭਰ ਵਿਚ ਸਿਵਲ ਡਿਫੈਂਸ ਦੀਆਂ ਤਿਆਰੀਆਂ ਦੀ ਜਾਂਚ ਕਰਨ ਲਈ ਇੱਕ ਰੁਟੀਨ ਮੌਕ ਡਰਿੱਲ ਹੈ। ਓਹਨਾ ਕਿਹਾ ਕਿ ਅਜਿਹੀਆਂ ਮੌਕ ਡਰਿੱਲ ਪਹਿਲਾਂ ਵੀ ਡੀ ਐਮ ਡਬਲਯੂ ਏਰੀਏ ਵਿਚ ਕਰਵਾਈ ਜਾ ਚੁੱਕੀ ਹੈ। ਇਹ ਕੇਵਲ ਅਭਿਆਸ ਹੈ ਜੋ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਸਿਵਿਲ ਡਿਫੈਂਸ ਵੱਲੋਂ ਕੀਤਾ ਜਾ ਰਿਹਾ ਹੈ।

ਸਰ੍ਹੋਂ ਦੀਆਂ ਬਿਮਾਰੀਆਂ ਸਬੰਧੀ ਲਗਾਇਆ ਸਿਖਲਾਈ ਕੈਂਪ

ਤਰਨ ਤਾਰਨ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਵਲੋਂ ਪਿੰਡ ਭਾਈ ਲੱਧੂ ਵਿਖੇ ਸਰ੍ਹੋਂ ਦੀਆਂ ਬਿਮਾਰੀਆਂ ਸਬੰਧੀ ਸਿਖਲਾਈ ਕੈਂ



ਹਰਿਆਣਾ ਖ਼ਬਰਨਾਮਾ



ਮੁੱਖ ਮੰਤਰੀ ਨੇ ਆਵਾਸ ਯੋਜਨਾਵਾਂ ਦੇ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਪਲਾਟ ਅਤੇ ਵਿੱਤੀ ਸਹਾਇਤਾ ਮੁਹੱਈਆ ਕਰਵਾਉਣ ਦੇ ਦਿੱਤੇ ਨਿਰਦੇਸ਼

➢ ਸੁਸ਼ਾਸਨ ਦਿਵਸ ਮੌਕੇ ਫਰੀਦਾਬਾਦ, ਰੇਵਾੜੀ, ਰੋਹਤਕ ਅਤੇ ਪਾਣੀਪਤ ਸਮੇਤ ਹੋਰ ਸ਼ਹਿਰਾਂ ਵਿੱਚ ਆਵਾਸ ਅਲਾਟਮੈਂਟ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਕਿਹਾ ➢ ਪੇਂਡੂ ਆਵਾਸ ਯੋਜਨਾ ਦੇ ਵਿਕਾਸ ਕਾਰਜ ਪੜਾਅਵਾਰ ਮੁਕੰਮਲ ਕਰਨ ਅਤੇ ਉਸਾਰੀ ਅਧੀਨ ਮਕਾਨ ਨਿਰਧਾਰਤ ਸਮੇਂ ਵਿੱਚ ਪੂਰੇ ਕਰਵਾਉਣ ਦੇ ਨਿਰਦੇਸ਼

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰੀ ਅਤੇ ਪੇਂਡੂ ਆਵਾਸ ਯੋਜਨਾਵਾਂ ਤਹਿਤ ਯੋਗ ਲਾਭਪਾਤਰੀਆਂ ਨੂੰ ਪਲਾਟ ਅਤੇ ਮਕਾਨ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ। ਸੁਸ਼ਾਸਨ ਦਿਵਸ ਦੇ ਮੌਕੇ 'ਤੇ ਫਰੀਦਾਬਾਦ, ਰੇਵਾੜੀ, ਰੋਹਤਕ ਅਤੇ ਪਾਣੀਪਤ ਸਮੇਤ ਹੋਰ ਸ਼ਹਿਰਾਂ ਵਿੱਚ ਯੋਗ ਪਰਿਵਾਰਾਂ ਨੂੰ ਮਕਾਨ ਮੁਹੱਈਆ ਕਰਵਾਉਣ ਦੇ ਕੰਮ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਹਰੇਕ ਯੋਗ ਅਤੇ ਲੋੜਵੰਦ ਪਰਿਵਾਰ ਨੂੰ ਆਪਣਾ ਘਰ ਮੁਹੱਈਆ ਕਰਵਾਉਣਾ ਹੈ।

ਮੁੱਖ ਮੰਤਰੀ ਵੀਰਵਾਰ ਨੂੰ ਚੰਡੀਗੜ੍ਹ ਵਿਖੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਪੇਂਡੂ, ਮੁੱਖ ਮੰਤਰੀ ਪੇਂਡੂ ਆਵਾਸ ਯੋਜਨਾ-2.0, ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ 2.0 ਅਤੇ ਮੁੱਖ ਮੰਤਰੀ ਸ਼ਹਿਰੀ ਆਵਾਸ ਯੋਜਨਾ ਦੀ ਪ੍ਰਗਤੀ ਦੀ ਸਮੀਖਿਆ ਲਈ ਸੱਦੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਨਿਰਦੇਸ਼ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਆਵਾਸ ਯੋਜਨਾਵਾਂ ਦੇ ਲਾਭਪਾਤਰੀਆਂ ਨੂੰ ਪੀਣ ਵਾਲਾ ਪਾਣੀ, ਬਿਜਲੀ ਸਮੇਤ ਹੋਰ ਬੁਨਿਆਦੀ ਸਹੂਲਤਾਂ ਵੀ ਯਕੀਨੀ ਬਣਾਈਆਂ ਜਾਣ। ਉਨ੍ਹਾਂ ਮਕਾਨਾਂ ਵਿੱਚ 2 ਕਿਲੋਵਾਟ ਦੇ ਸੋਲਰ ਪੈਨਲ ਲਗਾਉਣ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ।

ਮੁੱਖ ਮੰਤਰੀ ਨੇ ਪੇਂਡੂ ਆਵਾਸ ਯੋਜਨਾਵਾਂ ਦੀ ਸਮੀਖਿਆ ਕਰਦਿਆਂ



ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਗ੍ਰਾਮ ਪੰਚਾਇਤਾਂ ਵਿੱਚ ਮਕਾਨ ਉਸਾਰੀ ਲਈ ਜ਼ਮੀਨ ਉਪਲਬਧ ਨਹੀਂ ਹੈ ਜਾਂ ਉਪਲਬਧ ਜ਼ਮੀਨ ਢੁਕਵੀਂ ਨਹੀਂ ਹੈ, ਉੱਥੇ ਬਦਲਵੀਂ ਜ਼ਮੀਨ ਦਾ ਪ੍ਰਬੰਧ ਜਲਦੀ ਕੀਤਾ ਜਾਵੇ। ਇਸ ਦੇ ਨਾਲ ਹੀ ਬਕਾਇਆ ਲੇਆਉਟ ਪਲਾਨ ਅਤੇ ਵਿਕਾਸ ਕਾਰਜਾਂ ਨੂੰ ਜਲਦੀ ਪੂਰਾ ਕਰਵਾਇਆ ਜਾਵੇ, ਤਾਂ ਜੋ ਯੋਗ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਮਕਾਨ ਦਾ ਲਾਭ ਮਿਲ ਸਕੇ। ਉਨ੍ਹਾਂ ਮੁੱਖ ਮੰਤਰੀ ਪੇਂਡੂ ਆਵਾਸ ਯੋਜਨਾ-2.0 ਦੇ ਪਹਿਲੇ ਪੜਾਅ ਦੇ ਵਿਕਾਸ ਕਾਰਜ ਦਸੰਬਰ 2026 ਤੱਕ, ਦੂਜੇ ਪੜਾਅ ਦੇ ਜੂਨ 2027 ਤੱਕ, ਤੀਜੇ ਪੜਾਅ ਦੇ ਦਸੰਬਰ 2027 ਤੱਕ ਅਤੇ ਚੌਥੇ ਪੜਾਅ ਦੇ ਵਿਕਾਸ ਕਾਰਜ ਸਾਲ 2028 ਵਿੱਚ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਵਿਕਾਸ ਅਤੇ ਪੰਚਾਇਤ ਵਿਭਾਗ ਨੇ ਦੱਸਿਆ ਕਿ ਵਰਤੋਂ ਸਰਟੀਫਿਕੇਟ ਜਮ੍ਹਾਂ ਕਰਵਾ ਦਿੱਤੇ ਗਏ ਹਨ ਅਤੇ 437 ਕਰੋੜ ਰੁਪਏ ਦੀ ਵਾਧੂ ਰਾਸ਼ੀ ਦੀ ਮੰਗ ਭੇਜੀ ਗਈ ਹੈ। ਵਿੱਤ ਵਿਭਾਗ ਨੇ ਇਹ ਰਾਸ਼ੀ ਜਲਦੀ ਜਾਰੀ ਕਰਨ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਪੇਂਡੂ ਆਵਾਸ ਯੋਜਨਾ ਦੇ ਤੀਜੇ ਪੜਾਅ ਦੇ ਲਾਭਪਾਤਰੀਆਂ ਨੂੰ 25 ਦਸੰਬਰ ਨੂੰ ਅਲਾਟਮੈਂਟ ਪੱਤਰ ਵੰਡੇ ਜਾਣ। ਉਨ੍ਹਾਂ ਸੂਬਾ ਅਤੇ ਜ਼ਿਲ੍ਹਾ ਪੱਧਰੀ ਨਿਗਰਾਨੀ ਕਮੇਟੀਆਂ ਦੀਆਂ ਨਿਯਮਤ ਮੀਟਿੰਗਾਂ ਕਰਕੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਵੀ ਕਿਹਾ। ਇਸ ਤੋਂ ਇਲਾਵਾ ਜ਼ਮੀਨ ਸਬੰਧੀ ਵਿਵਾਦਾਂ ਤੋਂ ਬਚਣ ਲਈ ਸਪੱਸ਼ਟ ਮਾਲਕੀ ਵਾਲੀ ਜ਼ਮੀਨ ਉਪਲਬਧ ਕਰਵਾਉਣ ਅਤੇ ਲਾਭਪਾਤਰੀਆਂ ਦੀਆਂ ਸੂਚੀਆਂ ਦੀ ਗ੍ਰਾਮ ਸਭਾਵਾਂ ਰਾਹੀਂ ਨਿਯਮਾਂ ਅਨੁਸਾਰ ਤਸਦੀਕ ਕਰਵਾਉਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਅਧਿਕਾਰੀਆਂ ਨੇ ਜਾਣੂ ਕਰਵਾਇਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ-ਪੇਂਡੂ ਤਹਿਤ ਹੁਣ ਤੱਕ 41,302 ਮਕਾਨਾਂ ਦੀ ਉਸਾਰੀ ਮੁਕੰਮਲ ਕੀਤੀ ਜਾ ਚੁੱਕੀ ਹੈ, ਜਦਕਿ 35,295 ਮਕਾਨ ਉਸਾਰੀ ਅਧੀਨ ਹਨ। ਯੋਜਨਾ ਤਹਿਤ ਲਾਭਪਾਤਰੀਆਂ ਨੂੰ ਕੁੱਲ 725.08 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ। ਮੁੱਖ ਮੰਤਰੀ ਨੇ ਬਾਕੀ ਰਹਿੰਦੇ ਉਸਾਰੀ ਕਾਰਜਾਂ ਵਿੱਚ ਤੇਜ਼ੀ ਲਿਆਉਂਦੇ ਹੋਏ ਸਾਰੇ ਮਕਾਨ ਨਿਰਧਾਰਤ ਸਮਾਂ-ਸੀਮਾ ਵਿੱਚ ਪੂਰੇ ਕਰਵਾਉਣ ਅਤੇ ਬਕਾਇਆ ਕਿਸ਼ਤਾਂ ਜਲਦੀ ਜਾਰੀ ਕਰਨ ਦੇ ਨਿਰਦੇਸ਼ ਦਿੱਤੇ।

ਸ਼ਹਿਰੀ ਆਵਾਸ ਯੋਜਨਾਵਾਂ ਦੀ ਸਮੀਖਿਆ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ਼ਹਿਰੀ ਆਵਾਸ ਯੋਜਨਾ ਦੇ ਪਹਿਲੇ ਪੜਾਅ ਵਿੱਚ ਸਾਲ 2024-25 ਦੌਰਾਨ 14 ਸ਼ਹਿਰਾਂ ਵਿੱਚ 15,256 ਪਲਾਟ ਅਲਾਟ ਕੀਤੇ ਗਏ ਹਨ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸ਼ਹਿਰੀ ਆਵਾਸ ਯੋਜਨਾਵਾਂ ਤਹਿਤ ਯੋਗਤਾ ਦੀ ਜਾਂਚ ਪੂਰੀ ਸਾਵਧਾਨੀ ਨਾਲ ਕੀਤੀ ਜਾਵੇ ਅਤੇ ਅਸਲ ਲੋੜਵੰਦ ਪਰਿਵਾਰਾਂ ਨੂੰ ਤਰਜੀਹ ਦਿੰਦੇ ਹੋਏ ਪਲਾਟ ਅਲਾਟਮੈਂਟ ਅਤੇ ਮਕਾਨ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਵਿਕਸਤ ਪਲਾਟਾਂ ਦਾ ਕਬਜ਼ਾ ਯੋਗ ਲਾਭਪਾਤਰੀਆਂ ਨੂੰ ਜਲਦੀ ਸੌਂਪਣ ਦੇ ਵੀ ਨਿਰਦੇਸ਼ ਦਿੱਤੇ। ਹਰਿਆਣਾ ਸ਼ਹਿਰੀ ਵਿਕਾਸ ਅਥਾਰਟੀ ਨੇ 23 ਨਵੰਬਰ ਤੱਕ ਬਕਾਇਆ ਵਰਤੋਂ ਸਰਟੀਫਿਕੇਟ ਅਤੇ ਵਾਧੂ ਫੰਡਾਂ ਦੀ ਮੰਗ ਪੇਸ਼ ਕਰਨ ਦੀ ਜਾਣਕਾਰੀ ਦਿੱਤੀ।

ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ ਤਹਿਤ ਉਸਾਰੀ ਅਧੀਨ 7,492 ਮਕਾਨਾਂ ਦੇ ਕੰਮਾਂ ਵਿੱਚ ਤੇਜ਼ੀ ਲਿਆ ਕੇ ਜਨਵਰੀ 2027 ਤੱਕ ਇਨ੍ਹਾਂ ਨੂੰ ਪੂਰਾ ਕਰਨ ਦੇ ਹਰ ਸੰਭਵ ਯਤਨ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਗਰ ਨਿਗਮ ਕਮਿਸ਼ਨਰਾਂ ਅਤੇ ਜ਼ਿਲ੍ਹਾ ਨਗਰ ਕਮਿਸ਼ਨਰਾਂ ਨੂੰ ਹਰੇਕ ਬਕਾਇਆ ਮਕਾਨ ਦੀ ਨਿਯਮਤ ਨਿਗਰਾਨੀ ਕਰਨ ਲਈ ਕਿਹਾ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਆਵਾਸ ਯੋਜਨਾ-ਸ਼ਹਿਰੀ 2.0 ਦੀਆਂ ਬਕਾਇਆ ਅਰਜ਼ੀਆਂ ਦੀ ਤਸਦੀਕ, ਲਾਲ ਡੋਰੇ ਨਾਲ ਸਬੰਧਤ ਮਾਮਲਿਆਂ ਦੇ ਹੱਲ ਅਤੇ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਜਾਰੀ ਕਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਨੇ ਮਾਡਲ ਟੈਨੈਂਸੀ ਨਾਲ ਸਬੰਧਤ ਬਕਾਇਆ ਕੰਮ ਇੱਕ ਹਫ਼ਤੇ ਵਿੱਚ ਪੂਰਾ ਕਰਨ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਯੋਜਨਾਵਾਂ ਤਹਿਤ ਪ੍ਰਵਾਨਿਤ ਬਜਟ ਅਤੇ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਮਿਲਣ ਵਾਲੀ ਵਿੱਤੀ ਸਹਾਇਤਾ ਲਾਭਪਾਤਰੀਆਂ ਤੱਕ ਜਲਦੀ ਪਹੁੰਚਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਭੁਗਤਾਨ ਪ੍ਰਕਿਰਿਆ ਵਿੱਚ ਮੁੱਖ ਦਫ਼ਤਰ ਪੱਧਰ 'ਤੇ ਬੇਲੋੜੀ ਫਾਈਲ ਪ੍ਰਕਿਰਿਆ ਕਾਰਨ ਦੇਰੀ ਨਹੀਂ ਹੋਣੀ ਚਾਹੀਦੀ। ਇਸ ਦੇ ਲਈ ਜ਼ਿਲ੍ਹਾ ਪ੍ਰੀਸ਼ਦਾਂ ਦੇ ਮੁੱਖ ਕਾਰਜਕਾਰੀ ਅਧਿਕਾਰੀਆਂ ਅਤੇ ਸ਼ਹਿਰੀ ਸਥਾਨਕ ਇਕਾਈਆਂ ਦੇ ਸਬੰਧਤ ਅਧਿਕਾਰੀਆਂ ਨੂੰ ਡੀਡੀਓ ਨਾਮਜ਼ਦ ਕਰਨ ਅਤੇ ਨਿਰਧਾਰਤ ਨਿਯਮਾਂ ਤਹਿਤ ਵਿੱਤੀ ਮਨਜ਼ੂਰੀ ਦੀਆਂ ਸ਼ਕਤੀਆਂ ਸੌਂਪਣ ਦੀ ਵਿਵਸਥਾ 'ਤੇ ਲੋੜੀਂਦੀ ਕਾਰਵਾਈ ਕੀਤੀ ਜਾਵੇ, ਤਾਂ ਜੋ ਲਾਭਪਾਤਰੀਆਂ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਮਿਲ ਸਕੇ। ਮੁੱਖ ਮੰਤਰੀ ਨੇ ਐਸਐਨਏ-ਸਪਰਸ਼ ਅਤੇ ਸਾਈਬਰ ਖਜ਼ਾਨਾ ਦੀ ਪ੍ਰਕਿਰਿਆ ਨੂੰ ਸਰਲ ਅਤੇ ਆਨਲਾਈਨ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਵਿੱਤ ਵਿਭਾਗ ਨੇ ਇਸ ਸਬੰਧ ਵਿੱਚ ਇੱਕ ਹਫ਼ਤੇ ਦੇ ਅੰਦਰ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਸਾਰੀਆਂ ਆਵਾਸ ਯੋਜਨਾਵਾਂ ਨੂੰ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਲਾਗੂ ਕੀਤਾ ਜਾਵੇ। ਯੋਗਤਾ ਦੀ ਜਾਂਚ ਵਿੱਚ ਪੂਰੀ ਸਾਵਧਾਨੀ ਵਰਤੀ ਜਾਵੇ ਅਤੇ ਗਲਤ ਨਾਮਜ਼ਦਗੀ ਨੂੰ ਰੋਕਿਆ ਜਾਵੇ, ਤਾਂ ਜੋ ਸਰਕਾਰੀ ਸਹਾਇਤਾ ਦਾ ਲਾਭ ਸਿਰਫ਼ ਅਸਲ ਲੋੜਵੰਦ ਪਰਿਵਾਰਾਂ ਤੱਕ ਹੀ ਪਹੁੰਚੇ। ਉਨ੍ਹਾਂ ਕਿਹਾ ਕਿ ਮਕਾਨ ਉਸਾਰੀ ਦੇ ਹਰੇਕ ਪੜਾਅ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਨਾ ਵਰਤੀ ਜਾਵੇ। ਉਨ੍ਹਾਂ ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਅਤੇ ਵਿਕਾਸ ਤੇ ਪੰਚਾਇਤ ਵਿਭਾਗ ਨੂੰ ਆਵਾਸ ਯੋਜਨਾਵਾਂ ਦੇ ਬਿਹਤਰ ਤਾਲਮੇਲ ਲਈ ਇੱਕ-ਇੱਕ ਨੋਡਲ ਅਧਿਕਾਰੀ ਨਿਯੁਕਤ ਕਰਨ ਦੇ ਵੀ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਵਿੱਤ ਅਤੇ ਯੋਜਨਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ, ਸਭਨਾਂ ਲਈ ਆਵਾਸ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਮੁਹੰਮਦ ਸ਼ਾਇਨ, ਨਗਰ ਅਤੇ ਗ੍ਰਾਮ ਯੋਜਨਾਬੰਦੀ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਸ੍ਰੀ ਜੇ. ਗਣੇਸ਼ਨ, ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਕੁਮਾਰ ਮੀਣਾ, ਸਭਨਾਂ ਲਈ ਆਵਾਸ ਵਿਭਾਗ ਦੇ ਡਾਇਰੈਕਟਰ ਜਨਰਲ ਅਤੇ ਸਕੱਤਰ ਸ੍ਰੀ ਚੰਦਰਸ਼ੇਖਰ ਖਰੇ ਅਤੇ ਮੁੱਖ ਮੰਤਰੀ ਦੇ ਉਪ ਪ੍ਰਮੁੱਖ ਸਕੱਤਰ ਡਾ. ਯਸ਼ਪਾਲ ਯਾਦਵ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਆਈਟੀਆਈਜ਼ ਲਈ 315 ਆਧੁਨਿਕ ਉਪਕਰਨਾਂ ਦੀ ਖਰੀਦ ਨੂੰ ਦਿੱਤੀ ਮਨਜ਼ੂਰੀ

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਆਧੁਨਿਕ ਤਕਨੀਕ ਅਤੇ ਹੁਨਰ ਨਾਲ ਲੈਸ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਦਿਸ਼ਾ ਵਿੱਚ ਸੂਬੇ ਦੇ ਉਦਯੋਗਿਕ ਸਿਖਲਾਈ ਸੰਸਥਾਨਾਂ (9"9) ਨੂੰ ਨਵੀਨਤਮ ਅਤੇ ਉੱਨਤ ਮਸ਼ੀਨਾਂ ਨਾਲ ਲੈਸ ਕੀਤਾ ਜਾ ਰਿਹਾ ਹੈ, ਤਾਂ ਜੋ ਇਨ੍ਹਾਂ ਸੰਸਥਾਵਾਂ ਤੋਂ ਪਾਸ ਆਊਟ ਹੋਣ ਵਾਲੇ ਨੌਜਵਾਨਾਂ ਨੂੰ ਨਾਮੀ ਉਦਯੋਗਾਂ ਵਿੱਚ ਵਧੀਆ ਪੈਕੇਜ 'ਤੇ ਨੌਕਰੀ ਮਿਲ ਸਕੇ ਜਾਂ ਉਹ ਆਪਣਾ ਸਵੈ-ਰੁਜ਼ਗਾਰ ਸ਼ੁਰੂ ਕਰ ਸਕਣ।

ਇਸੇ ਲੜੀ ਤਹਿਤ ਅੱਜ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਵਿਭਾਗ ਵੱਲੋਂ ਸੱਦੀ ਗਈ ਵਿਭਾਗੀ ਹਾਈ ਪਾਵਰ ਪਰਚੇਜ਼ ਕਮੇਟੀ (DHPPC) ਦੀ ਮੀਟਿੰਗ ਵਿੱਚ ਵੈਲਡਿੰਗ ਅਤੇ ਇਸ ਨਾਲ ਸਬੰਧਤ 315 ਆਧੁਨਿਕ ਉਪਕਰਨਾਂ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਯੁਵਾ ਸਸ਼ਕਤੀਕਰਨ ਅਤੇ ਉੱਦਮਤਾ ਮੰਤਰੀ ਸ੍ਰੀ ਗੌਰਵ ਗੌਤਮ ਨੇ ਕੀਤੀ। ਇਨ੍ਹਾਂ ਉਪਕਰਨਾਂ ਦੀ ਖਰੀਦ 'ਤੇ 1.80 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਖਰਚ ਹੋਣ ਦਾ ਅਨੁਮਾਨ ਹੈ।

ਮੀਟਿੰਗ ਵਿੱਚ ਜਿਨ੍ਹਾਂ ਪ੍ਰਮੁੱਖ ਉਪਕਰਨਾਂ ਨੂੰ ਖਰੀਦਣ ਦੀ ਪ੍ਰਵਾਨਗੀ ਦਿੱਤੀ ਗਈ ਹੈ, ਉਨ੍ਹਾਂ ਵਿੱਚ 300 ਐਂਪੀਅਰ ਸਮਰੱਥਾ ਦੀ ਵਾਟਰ ਕੂਲਡ ਟਾਰਚ ਸਮੇਤ 13/43 GTAW ਵੈਲਡਿੰਗ ਮਸ਼ੀਨ, 400 ਐਂਪੀਅਰ ਸਮਰੱਥਾ ਦੀ GMAW ਵੈਲਡਿੰਗ ਮਸ਼ੀਨ, ਸਪਾਟ ਵੈਲਡਿੰਗ ਮਸ਼ੀਨ, ਏਅਰ ਪਲਾਜ਼ਮਾ ਕਟਿੰਗ ਉਪਕਰਨ, ਏਅਰ ਪਲਾਜ਼ਮਾ ਕਟਿੰਗ ਸਿਸਟਮ ਦੇ ਅਨੁਕੂਲ ਏਅਰ ਕੰਪ੍ਰੈਸਰ, ਸਾਰੀਆਂ ਲੋੜੀਂਦੀਆਂ ਐਕਸੈਸਰੀਜ਼ ਸਮੇਤ 4.3. ਆਰਕ ਵੈਲਡਿੰਗ ਰੈਕਟੀਫਾਇਰ ਸੈੱਟ ਅਤੇ ਆਰਕ ਵੈਲਡਿੰਗ ਟੇਬਲ ਸ਼ਾਮਲ ਹਨ।

ਮੀਟਿੰਗ ਉਪਰੰਤ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਵਿਹਾਰਕ ਅਤੇ ਆਧੁਨਿਕ ਹੁਨਰ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਵੈ-ਰੁਜ਼ਗਾਰ ਅਤੇ ਚੰਗੀ ਨੌਕਰੀ ਲਈ ਤਿਆਰ ਕਰਨ ਵਾਸਤੇ ਵਚਨਬੱਧ ਹੈ। ਇਨ੍ਹਾਂ ਆਧੁਨਿਕ ਉਪਕਰਨਾਂ ਦੇ ਆਉਣ ਨਾਲ ਸੂਬੇ ਦੀਆਂ ਆਈਟੀਆਈਜ਼ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਉਦਯੋਗਾਂ ਦੀ ਮੰਗ ਅਨੁਸਾਰ ਉੱਚ ਪੱਧਰੀ ਸਿਖਲਾਈ ਪ੍ਰਾਪਤ ਕਰਨ ਵਿੱਚ ਵੱਡੀ ਮਦਦ ਮਿਲੇਗੀ।

ਇਸ ਮੌਕੇ ਸਪਲਾਈ ਅਤੇ ਨਿਪਟਾਰਾ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਰਾਜੀਵ ਰਤਨ, ਹੁਨਰ ਵਿਕਾਸ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਡਾਇਰੈਕਟਰ ਸ੍ਰੀ ਪਾਰਥ ਗੁਪਤਾ, ਵਧੀਕ ਡਾਇਰੈਕਟਰ ਸ੍ਰੀਮਤੀ ਕਮਲਪ੍ਰੀਤ ਕੌਰ, ਸਹਾਇਕ ਡਾਇਰੈਕਟਰ ਸ੍ਰੀ ਮੁਕੇਸ਼ ਮੋਂਗੀਆ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਚੰਡੀਗੜ੍ਹ, 20 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਸ਼ਹਿਰਾਂ ਵਿੱਚ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਹੁਣ ਕਮਿਊਨਿਟੀ ਸੈਂਟਰ ਆਧੁਨਿਕ ਅਤੇ ਇੰਕਸਾਰ ਡਿਜ਼ਾਈਨ ਵਿੱਚ ਵਿਕਸਤ ਕੀਤੇ ਜਾਣਗੇ, ਉੱਥੇ ਹੀ ਸੜਕਾਂ ਨੂੰ ਵੀ ਸਮਾਰਟ ਰੋਡ ਵਜੋਂ ਵਿਕਸਤ ਕਰਕੇ ਸ਼ਹਿਰੀ ਸਹੂਲਤਾਂ ਨੂੰ ਨਵੀਂ ਪਛਾਣ ਦਿੱਤੀ ਜਾਵੇਗੀ। ਮੁੱਖ ਮੰਤਰੀ ਸ